ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

To view our online newspaper visit **punjabipost.ca/epaper** | **Vol 22* Issue 149** | **Friday, August 04, 2023** | **Tel: 905-793-2202 | Fax: 905-793-2282 | news@punjabipost.ca** | ਤੁਸੀਂ 'ਪੰਜਾਬੀ ਪੋਸਟ' ***Online***ਰੋਜ਼ਾਨਾ ਪੜ੍ਹ ਸਕਦੇ ਹੋ



SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property

905-965-7474
www.Switchinsurance.ca



JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney

Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON


## ਚੋਣਾਂ ਦੇ ਨਤੀਜੇ ਪਲਟਾਉਣ ਦੀ ਕੋਸ਼ਿਸ਼ ਕਰਨ ਦੇ ਮਾਮਲੇ ਵਿੱਚ ਟਰੰਪ ਨੂੰ ਨਹੀਂ ਮੰਨਿਆ ਗਿਆ ਕਸੂਰਵਾਰ

ਵਾਸ਼ਿੰਗਟਨ, 3 ਅਗਸਤ (ਪੋਸਟ ਬਿਊਰੋ) : 2020 ਦੀਆਂ ਰਾਸ਼ਟਰਪਤੀ ਚੋਣਾਂ ਦੇ ਨਤੀਜਿਆਂ ਨੂੰ ਪਲਟਣ ਦੀ ਕੋਸ਼ਿਸ਼ ਕਰਨ ਦੇ ਮਾਮਲੇ ਵਿੱਚ ਅਮਰੀਕਾ ਦੇ ਸਾਬਕਾ ਰਾਸ਼ਟਰਪਤੀ ਡੌਨਲਡ ਟਰੰਪ ਨੂੰ ਕਸੂਰਵਾਰ ਕਰਾਰ ਨਹੀਂ ਦਿੱਤਾ ਗਿਆ।



ਇਸ ਮਾਮਲੇ ਵਿੱਚ ਜਸਟਿਸ ਡਿਪਾਰਟਮੈਂਟ ਦੇ ਸਪੈਸ਼ਲ ਕਾਊਂਸਲ ਜੈਕ ਸਮਿੱਥ ਵੱਲੋਂ ਦੋਸ਼ੀ ਕਰਾਰ ਦਿੱਤੇ ਜਾਣ ਤੋਂ ਦੋ ਦਿਨ ਬਾਅਦ ਟਰੰਪ ਵਾਸ਼ਿੰਗਟਨ ਵਿੱਚ ਫੈਡਰਲ ਕੋਰਟਹਾਊਸ ਵਿੱਚ ਮੈਜਿਸਟ੍ਰੇਟ ਜੱਜ ਸਾਹਮਣੇ ਪੇਸ਼ ਹੋਏ। ਨਵੇਂ ਫੈਸਲੇ ਵਿੱਚ ਟਰੰਪ ਨੂੰ ਇਸ ਮਾਮਲੇ ਵਿੱਚ ਦੋਸ਼ੀ ਕਰਾਰ ਨਹੀਂ ਦਿੱਤਾ ਗਿਆ।

ਜ਼ਿਕਰਯੋਗ ਹੈ ਕਿ ਟਰੰਪ, ਜੋ ਕਿ 2024 ਲਈ ਰਿਪਬਲਿਕਨ ਪ੍ਰੈਜ਼ੀਡੈਂਸ਼ੀਅਲ ਪ੍ਰਾਈਮਰੀ ਫਰੰਟ ਰਨਰ ਹਨ, ਖਿਲਾਫ ਅਮਰੀਕਾ ਖਿਲਾਫ ਸਾਜਿਸ਼ ਰਚਨ ਅਤੇ ਡੈਮੋਕ੍ਰੈਟ ਜੋਅ ਬਾਇਡਨ ਦੀ ਜਿੱਤ ਨੂੰ ਦਿੱਤੀ ਗਈ ਮਾਨਤਾ ਨੂੰ ਅਮਲ ਵਿੱਚ ਲਿਆਉਣ ਦੇ ਰਾਹ ਵਿੱਚ ਅੜਿੱਕਾ ਡਾਹੁਣ ਦਾ ਦੋਸ਼ ਹੈ। ਟਰੰਪ ਨੇ ਇਸ ਮਾਮਲੇ ਵਿੱਚ ਖੁਦ ਨੂੰ ਬੇਕਸੂਰ ਦੱਸਿਆ ਤੇ ਉਨ੍ਹਾਂ ਦੀ ਲੀਗਲ ਟੀਮ ਨੇ ਆਖਿਆ ਕਿ ਇਹ ਖੁੱਲ੍ਹ ਕੇ ਵਿਚਾਰ ਪ੍ਰਗਟ ਕਰਨ ਦੀ ਉਨ੍ਹਾਂ ਦੀ ਆਜ਼ਾਦੀ ਉੱਤੇ ਹਮਲਾ ਹੈ। ਇਸ ਤੋਂ ਇਲਾਵਾ ਵੀ ਟਰੰਪ ਉੱਤੇ ਕਈ ਹੋਰ ਮਾਮਲੇ ਦਰਜ ਹਨ ਜਿਨ੍ਹਾਂ ਦੀ ਸੁਣਵਾਈ ਅਦਾਲਤ ਵਿੱਚ ਚੱਲ ਰਹੀ ਹੈ। ਛੇ ਮਹੀਨਿਆਂ ਤੋਂ ਵੀ ਘੱਟ ਅਰਸੇ ਵਿੱਚ ਟਰੰਪ ਖਿਲਾਫ ਲਿਆਂਦਾ ਗਿਆ ਇਹ ਤੀਜਾ ਮੁਜਰਮਾਨਾ ਮਾਮਲਾ ਹੈ।

## ਪੁਲਿਸ ਨੇ ਚੋਰੀ ਕੀਤੀਆਂ 138 ਗੱਡੀਆਂ ਤੇ 9 ਮਿਲੀਅਨ ਡਾਲਰ ਕੀਤੇ ਬਰਾਮਦ

ਵਿੰਡਸਰ, 3 ਅਗਸਤ (ਪੋਸਟ ਬਿਊਰੋ) : 9 ਮਿਲੀਅਨ ਡਾਲਰ ਦੇ 138 ਚੋਰੀ ਕੀਤੇ ਗਏ ਵ੍ਹੀਕਲ ਬਰਾਮਦ ਕਰਨ ਦੇ ਨਾਲ ਨਾਲ ਪੁਲਿਸ ਵੱਲੋਂ 23 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ ਤੇ ਉਨ੍ਹਾਂ ਖਿਲਾਫ 300 ਚਾਰਜਿਜ਼ ਲਾਏ ਗਏ ਹਨ। ਇਹ ਖੁਲਾਸਾ ਵਿੰਡਸਰ, ਓਨਟਾਰੀਓ ਦੀ ਪੁਲਿਸ ਵੱਲੋਂ ਕੀਤਾ ਗਿਆ।



ਗੱਡੀਆਂ ਚੋਰੀ ਕਰਨ ਦੇ ਇਸ ਮਾਮਲੇ ਦੀ ਜਾਂਚ ਨੂੰ ਪ੍ਰੋਜੈਕਟ ਫੇਅਰਫੀਲਡ ਦਾ ਨਾਂ ਦਿੱਤਾ ਗਿਆ। ਇਸ ਨੂੰ ਪਿਛਲੇ ਸਾਲ ਅਪਰੈਲ ਵਿੱਚ ਵਿੰਡਸਰ ਪੁਲਿਸ ਵੱਲੋਂ ਸ਼ੁਰੂ ਕੀਤਾ ਗਿਆ ਤੇ ਸਤੰਬਰ ਵਿੱਚ ਓਨਟਾਰੀਓ ਪ੍ਰੋਵਿੰਸ਼ੀਅਲ ਪੁਲਿਸ (ਓਪੀਪੀ) ਤੇ ਡਬਲਿਊਪੀਐਸ ਵੀ ਇਸ ਜਾਂਚ ਨਾਲ ਜੁੜੀਆਂ। ਇਸ ਦੌਰਾਨ ਪਿਛਲੇ ਮਹੀਨੇ 14 ਸਰਚ ਵਾਰੰਟ ਕਢਵਾ ਕੇ ਵਿੰਡਸਰ, ਪੀਲ ਰੀਜਨ, ਯੌਰਕ ਰੀਜਨ ਤੇ ਟੋਰਾਂਟੋ ਦੀਆਂ ਕਈ ਲੋਕੇਸ਼ਨਜ਼ ਦੀ ਤਲਾਸ਼ੀ ਲਈ ਗਈ।

ਇਸ ਦੌਰਾਨ ਹਾਸਲ ਹੋਏ ਸਬੂਤਾਂ ਤੋਂ ਸਾਹਮਣੇ ਆਇਆ ਕਿ ਵਿੰਡਸਰ ਤੇ ਇਸ ਦੇ ਆਲੇ ਦੁਆਲੇ ਦੇ ਇਲਾਕੇ ਤੋਂ ਗੱਡੀਆਂ

... ਬਾਕੀ ਸਫਾ 2 'ਤੇ

## ਤਿੰਨ ਗੱਡੀਆਂ ਦੀ ਟੱਕਰ ਵਿੱਚ 2 ਬੱਚਿਆਂ ਸਮੇਤ 6 ਜ਼ਖ਼ਮੀ

ਬਰੈਂਪਟਨ, 3 ਅਗਸਤ (ਪੋਸਟ ਬਿਊਰੋ) : ਵੀਰਵਾਰ ਰਾਤ ਨੂੰ ਬਰੈਂਪਟਨ ਵਿੱਚ ਹਿੱਟ ਐਂਡ ਰੰਨ ਦੇ ਮਾਮਲੇ ਵਿੱਚ ਛੇ ਵਿਅਕਤੀ ਜ਼ਖ਼ਮੀ ਹੋ ਗਏ। ਇਹ ਜਾਣਕਾਰੀ ਪੈਰਾਮੈਡਿਕਸ ਨੇ ਦਿੱਤੀ।



ਪੀਲ ਪੁਲਿਸ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਹਾਦਸਾ ਰਾਤੀਂ 7:30 ਵਜੇ ਤੋਂ ਪਹਿਲਾਂ ਏਅਰਪੋਰਟ ਰੋਡ ਤੇ ਕਲਾਰਕ ਬੁਲੇਵਾਰਡ ਇਲਾਕੇ ਵਿੱਚ ਹੋਇਆ। ਪੁਲਿਸ ਅਨੁਸਾਰ ਹਾਦਸੇ ਵਿੱਚ ਦੋ ਤੋਂ ਤਿੰਨ ਗੱਡੀਆਂ ਸ਼ਾਮਲ ਸਨ। ਪੁਲਿਸ ਨੇ ਇਹ ਵੀ ਦੱਸਿਆ ਕਿ ਇੱਕ ਡਰਾਈਵਰ ਹਾਦਸੇ ਵਾਲੀ ਥਾਂ ਤੋਂ ਫਰਾਰ ਹੋ ਗਿਆ। ਪੈਰਾਮੈਡਿਕਸ ਵੱਲੋਂ ਇਸ ਗੱਲ ਦੀ ਪੁਸ਼ਟੀ ਕੀਤੀ ਗਈ ਕਿ ਕੁੱਲ ਛੇ ਲੋਕ ਇਸ ਹਾਦਸੇ ਵਿੱਚ ਜ਼ਖ਼ਮੀ ਹੋਏ। ਇਨ੍ਹਾਂ ਵਿੱਚ ਦੋ ਬਿਮਾਰ ਬੱਚੇ ਵੀ ਸਨ ਜਿਨ੍ਹਾਂ ਨੂੰ ਨਾਜ਼ੁਕ ਹਾਲਤ ਵਿੱਚ ਸਿੱਕਕਿੱਡਜ਼ ਹਸਪਤਾਲ ਲਿਜਾਇਆ ਗਿਆ।

ਇਨ੍ਹਾਂ ਤੋਂ ਇਲਾਵਾ ਹਾਦਸੇ ਵਿੱਚ ਇੱਕ ਮਹਿਲਾ ਤੇ ਪੁਰਸ਼ ਦੀ ਹਾਲਤ ਨਾਜ਼ੁਕ ਦੱਸੀ ਜਾਂਦੀ ਹੈ ਜਦਕਿ ਦੋ ਹੋਰ ਵਿਅਕਤੀਆਂ ਨੂੰ ਮਾਮੂਲੀ ਸੱਟਾਂ ਲੱਗੀਆਂ ਹਨ। ਪੈਰਾਮੈਡਿਕਸ ਨੇ ਇਹ ਵੀ ਦੱਸਿਆ ਕਿ ਇਸ ਹਾਦਸੇ ਕਾਰਨ ਇੱਕ ਕੁੱਤੇ ਦੀ ਵੀ ਮੌਤ ਹੋ ਗਈ। ਜ਼ਖ਼ਮੀਆਂ ਦੇ ਸਬੰਧ ਵਿੱਚ ਹੋਰ ਜਾਣਕਾਰੀ ਮੁਹੱਈਆ ਨਹੀਂ ਕਰਵਾਈ ਗਈ।

ਹਾਦਸੇ ਦੇ ਕਾਰਨਾਂ ਦਾ ਵੀ ਪਤਾ ਨਹੀਂ ਲੱਗ ਸਕਿਆ ਹੈ। ਇਸ ਇਲਾਕੇ ਵਿੱਚ ਆਉਣ ਵਾਲੇ ਡਰਾਈਵਰਾਂ ਨੂੰ ਪੁਲਿਸ ਵੱਲੋਂ ਬਦਲਵੇਂ ਰਾਹਾਂ ਤੋਂ ਆਉਣ ਜਾਣ ਦੀ ਸਲਾਹ ਦਿੱਤੀ ਜਾ ਰਹੀ ਹੈ ਕਿਉਂਕਿ ਹਾਦਸੇ ਕਾਰਨ ਇਸ ਇਲਾਕੇ ਨੂੰ ਬੰਦ ਕੀਤਾ ਗਿਆ ਹੈ।

## ਪਿਛਲੇ ਸਾਲ ਨਾਲੋਂ ਇਸ ਜੁਲਾਈ ਵਿਚ ਘਰਾਂ ਦੀ ਵਿਕਰੀ ਤੇ ਕੀਮਤਾਂ ਵਿਚ ਹੋਇਆ ਵਾਧਾ

ਟੋਰਾਂਟੋ, 3 ਅਗਸਤ (ਪੋਸਟ ਬਿਊਰੋ) : ਟੋਰਾਂਟੋ ਰੀਜਨਲ ਰੀਅਲ ਅਸਟੇਟ ਬੋਰਡ ਦਾ ਕਹਿਣਾ ਹੈ ਕਿ ਪਿਛਲੇ ਸਾਲ ਜੁਲਾਈ ਦੇ ਮੁਕਾਬਲੇ ਇਸ ਸਾਲ ਘਰਾਂ ਦੀ ਵਿੱਕਰੀ, ਲਿਸਟਿੰਗ ਤੇ ਕੀਮਤਾਂ ਵਿੱਚ ਵਾਧਾ ਹੋਇਆ ਹੈ। ਪਰ ਵੱਧ ਵਿਆਜ਼ ਦਰਾਂ ਹੋਣ ਕਾਰਨ ਘਰਾਂ ਦੀ ਖਰੀਦੋ ਫਰੋਖ਼ਤ ਦੇ ਕੰਮ ਵਿੱਚ ਮੱਠਾਪਣ ਆਇਆ ਹੈ।

ਬੋਰਡ ਦਾ ਕਹਿਣਾ ਹੈ ਕਿ ਜੁਲਾਈ 2022 ਦੇ ਮੁਕਾਬਲੇ ਇਸ ਸਾਲ ਇਸ ਮਹੀਨੇ 5,250 ਘਰ ਵਿਕੇ, ਜੋ ਕਿ 7.8 ਫੀ ਸਦੀ ਦਾ ਵਾਧਾ ਹੈ ਜਦਕਿ ਇਨ੍ਹਾਂ ਦੀ ਲਿਸਟਿੰਗ ਵਿੱਚ 11.5 ਫੀ ਸਦੀ ਵਾਧਾ ਦਰਜ ਕੀਤਾ ਗਿਆ। ਇੱਕ ਸਾਲ ਪਹਿਲਾਂ ਨਾਲੋਂ ਇਸ ਵਾਰੀ ਜੁਲਾਈ ਦੇ ਮਹੀਨੇ ਵਿੱਚ ਘਰਾਂ ਦੀ ਵਿੱਕਰੀ ਦੀ ਔਸਤ ਕੀਮਤ ਵਿੱਚ 4.2 ਫੀ ਸਦੀ ਦਾ ਵਾਧਾ ਵੇਖਣ ਨੂੰ ਮਿਲਿਆ। ਜੂਨ ਦੇ ਮਹੀਨੇ ਦੇ ਮੁਕਾਬਲੇ ਘਰਾਂ ਦੀ ਵਿੱਕਰੀ ਤੇ ਕੀਮਤਾਂ ਥੋੜ੍ਹੀਆਂ ਮੱਠੀਆਂ ਰਹੀਆਂ। ਘਰਾਂ ਦੀ ਵਿੱਕਰੀ 8.8 ਫੀ ਸਦੀ ਘੱਟ ਰਹੀ ਤੇ ਔਸਤ ਕੀਮਤ 0.7 ਫੀ ਸਦੀ ਘੱਟ ਰਹੀ।

ਜੇ ਮਹੀਨਾ ਦਰ ਮਹੀਨਾ ਘਰਾਂ ਦੀ ਵਿੱਕਰੀ ਦੀ ਗੱਲ ਕੀਤੀ ਜਾਵੇ ਤਾਂ ਜੁਲਾਈ ਮਹੀਨਾ ਅਜਿਹਾ ਦੂਜਾ ਮਹੀਨਾ ਸੀ ਜਦੋਂ ਘਰਾਂ ਦੀ ਵਿੱਕਰੀ ਘੱਟ ਰਹੀ। ਇਸ ਦੇ ਨਾਲ ਹੀ ਜੁਲਾਈ ਦਾ ਮਹੀਨਾ ਹੀ ਅਜਿਹਾ ਸੀ ਜਦੋਂ ਫਰਵਰੀ ਤੋਂ ਬਾਅਦ ਕੀਮਤਾਂ ਵਿੱਚ ਕੁੱਝ ਵਾਧਾ ਵੇਖਣ ਨੂੰ ਮਿਲਿਆ।


NOW HIRING !!!
ALLKIND INSURANCE
- Life Insurance
- Critical illness Ins
- Travel & Visitor Ins
- RESP & TFSA & RRSP
- Super Visa Insurance
- Mortgage Insurance
- Disability Insurance
- Funeral Insurance

SIMRAN SAINI
416.994.7272
www.allkindinsurance.com



INSURANCE
- Home
- Auto
- Business
- Trucking
- Life Insurance
- Commercial

647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1



PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill



Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney

Fax: 905-913-2344 Tel: 905-913-2355
Aman Sharma
Open Saturday
25 Cherrycrest Drive, Unit # 6
Brampton, ON, L6P 3W4
Providing excellent quality legal services to our clients



Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Spiders & Fleas
- Bedbugs
- Wasps
- Cockroaches
- Carpenter Ants
- Silver Fish
- Racoons

Call : PARESH PATEL
416 938 4598



KELLEY LAW OFFICE
- Immigration
- Real Estate
- Family Law
- Business Closing
- Corporate
- Wills & Estate
- Power of Attorney/Affidavit /Attestations

www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗ੍ਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
905-362-0755



PROTECT YOUR HOME FROM PESTS
Pest Control
Low Rates/Excellent Pest Control Services
100% Success rate for bed bug Treatment
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com



OURR HOME & APPLIANCES
JUST $3,199.00 at Ourr Home Appliances.
Limited stock available, so hurry and grab this amazing deal today!
Don't Miss our! TENT SALE!
Upgrade your kitchen with the sleek BLACK STAINLESS-STEEL PACKAGE for
UPGRADE TO 36" COOKTOP IN $0
JENNAIR CAFÉ KitchenAid Electrolux LG FRIGIDAIRE elica
BOSCH Whirlpool GE MAYTAG AMANA SAMSUNG VentAHood Danby
416-551-5553 | www.ourrhomeappliances.com



Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?

ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
ਕਰਜ਼ੇ ਦੀ ਸਿਰਦਰਦੀ ?
Late Evening and Weekends Appointments Available 1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7



Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Avon Financial Inc. Advice you can bank on.
Brokerage Lic. 12538
Cell: 416-841-4218 Tel: 905-216-5563
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392



ਨਵਾਂ ਘਾਹ ਲਵਾਉ
647-784-1213
www.aaalandscaping.ca
1. ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
2. ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
3. ਨਵਾਂ ਘਾਹ ਲਵਾਉ
4. ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ



Allstate. You're in good hands.
Home + Auto Insurance
Simran Bukkal
Allstate Sales Agent
Waterdown Agency



SUPER VISA INSURANCE EXPERTS
Punjab Insurance Inc
- Disability Insurance
- Mortgage Insurance
- Life Insurance
- Visitor & Travel Insurance
- RESP(Education Plan)
- Critical Illness Insurance

RANJIT GILL
Insurance Advisor
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca



AUTO & HOME INSURANCE
- Super visa Insurance
- Life & Disability
- Critical illness
- RESP
- Visitor & Travel insurance

(416-845-1352)
Manwinder Mangat
Axxel InsuranceBrokers Ltd.
1332 Khalsa Dr, Unit # 11, Mississauga, ON L5S 0A2



HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP

www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovaird Dr. W. Brampton, ON L6X0T9 | www.ufsinsurance.com



CN Forklift Training Center
Counterbalance All Types | Walkie pallet Low Lift | Electric Motor Narrow Aisle Reach | Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan
Certified Instructor



MANN LAW FIRM
- Real Estate Law
- Business Law
- Wills & Estates
- Family Law
- Power of Attorney
- Civil Litigation
- Affidavits Notarization / Declaration

Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਇਸ ਸਾਲ ਦੇ ਅੰਤ ਵਿੱਚ ਸਕਾਰਬਰੋ ਵਾਸੀਆਂ ਨੂੰ ਸਾਹਮਣਾ ਕਰਨਾ ਪੈ ਸਕਦਾ ਹੈ ਜ਼ਿਮਨੀ ਚੋਣ ਦਾ



ਸਕਾਰਬਰੋ, 3 ਅਗਸਤ (ਪੋਸਟ ਬਿਊਰੋ) : ਸਕਾਰਬਰੋ ਦੇ ਕੁੱਝ ਰੈਜ਼ੀਡੈਂਟਸ ਨੂੰ ਚਾਰ ਮਹੀਨਿਆਂ ਵਿੱਚ ਦੂਜੀ ਵਾਰੀ ਚੋਣਾਂ ਦਾ ਸਾਹਮਣਾ ਕਰਨਾ ਹੋਵੇਗਾ।

ਵਾਰਡ 20, ਸਕਾਰਬਰੋ ਸਾਊਥਵੈਸਟ ਵਿੱਚ ਖਾਲੀ ਹੋਈ ਸੀਟ ਨੂੰ ਕਦੋਂ ਭਰਿਆ ਜਾਵੇ ਇਸ ਬਾਰੇ ਫੈਸਲਾ ਕਰਨ ਲਈ 10 ਅਗਸਤ ਨੂੰ ਸਿਟੀ ਕਾਊਂਸਲ ਮੁਲਾਕਾਤ ਕਰੇਗੀ। ਇਹ ਸੀਟ ਲੰਮੇਂ ਸਮੇਂ ਤੋਂ ਕਾਊਂਸਲਰ ਚੱਲੇ ਆ ਰਹੇ ਗੈਰੀ ਕ੍ਰਾਅਫਰਡ ਦੇ ਅਸਤੀਫਾ ਦੇਣ ਕਾਰਨ ਖਾਲੀ ਹੋਈ ਹੈ। ਕ੍ਰਾਅਫਰਡ ਨੇ ਪਿਛਲੇ ਮਹੀਨੇ ਸਕਾਰਬਰੋ-ਗਿਲਡਵੁੱਡ ਵਿੱਚ ਹੋਈ ਜ਼ਿਮਨੀ ਚੋਣਾਂ ਵਿੱਚ ਡੱਗ ਫੋਰਡ ਦੀ ਕੰਜ਼ਰਵੇਟਿਵ ਪਾਰਟੀ ਦੇ ਉਮੀਦਵਾਰ ਵਜੋਂ ਹਿੱਸਾ ਲਿਆ ਸੀ ਤੇ ਉਹ ਨਾਕਾਮ ਰਹੇ।

ਮੀਟਿੰਗ ਵਿੱਚ ਕਾਊਂਸਲ ਇਸ ਸੀਟ ਨੂੰ ਰਸਮੀ ਤੌਰ ਉੱਤੇ ਖਾਲੀ ਕਰਾਰ ਦੇਵੇਗੀ। ਫਿਰ ਇਸ ਸੀਟ ਉੱਤੇ ਜ਼ਿਮਨੀ ਚੋਣਾਂ ਕਰਵਾਉਣ ਜਾਂ ਇਸ ਖਾਲੀ ਸੀਟ ਨੂੰ ਪੁਰ ਕਰਨ ਲਈ ਕਿਸੇ ਨੂੰ ਨਿਯੁਕਤ ਕੀਤੇ ਜਾਣ ਵਾਸਤੇ 60 ਦਿਨਾਂ ਦਾ ਸਮਾਂ ਹੋਵੇਗਾ। ਇੱਕ ਬਿਆਨ ਵਿੱਚ ਸਿਟੀ ਨੇ ਆਖਿਆ ਕਿ ਜਦੋਂ ਤੱਕ ਇਹ ਖਾਲੀ ਸੀਟ ਨਹੀਂ ਭਰਦੀ ਉਦੋਂ ਤੱਕ ਸਾਬਕਾ ਕਾਊਂਸਲਰ ਦਾ ਸਟਾਫ ਆਪਣੀ ਥਾਂ ਉੱਤੇ ਨਿਯੁਕਤ ਰਹੇਗਾ ਤੇ ਹਲਕਾ ਵਾਸੀਆਂ ਦੇ ਮਸਲੇ ਸੁਲਝਾਉਂਦਾ ਰਹੇਗਾ।

# ਛੁਰੇਬਾਜ਼ੀ ਵਿੱਚ ਮਹਿਲਾ ਜ਼ਖ਼ਮੀ, ਇੱਕ ਵਿਅਕਤੀ ਗ੍ਰਿਫਤਾਰ



ਬਰੈਂਪਟਨ, 3 ਅਗਸਤ (ਪੋਸਟ ਬਿਊਰੋ) : ਵੀਰਵਾਰ ਸਵੇਰੇ ਬਰੈਂਪਟਨ ਵਿੱਚ ਛੁਰੇਬਾਜ਼ੀ ਦੀ ਘਟਨਾ ਵਿੱਚ ਇੱਕ ਮਹਿਲਾ ਬੁਰੀ ਤਰ੍ਹਾਂ ਜ਼ਖ਼ਮੀ ਹੋ ਗਈ। ਇਸ ਸਬੰਧ ਵਿੱਚ ਇੱਕ ਵਿਅਕਤੀ ਨੂੰ ਗ੍ਰਿਫਤਾਰ ਕੀਤਾ ਗਿਆ ਹੈ।

ਸਵੇਰੇ 5:00 ਵਜੇ ਤੋਂ ਪਹਿਲਾਂ ਟੌਰਬ੍ਰਮ ਰੋਡ ਨੇੜੇ ਸ਼ੂਗਰਕੇਨ ਐਵਨਿਊ ਤੇ ਵੈਂਡਰਬ੍ਰਿੰਕ ਡਰਾਈਵ ਉੱਤੇ ਸਥਿਤ ਘਰ ਵਿੱਚੋਂ ਗੜਬੜੀ ਦੀਆਂ ਆਵਾਜ਼ਾਂ ਆਉਣ ਤੋਂ ਬਾਅਦ ਪੀਲ ਰੀਜਨਲ ਪੁਲਿਸ ਅਧਿਕਾਰੀਆਂ ਨੂੰ ਸੱਦਿਆ ਗਿਆ। ਮੌਕੇ ਉੱਤੇ ਪਹੁੰਚੀ ਪੁਲਿਸ ਨੂੰ ਇੱਕ ਮਹਿਲਾ ਛੁਰੇਬਾਜ਼ੀ ਕਾਰਨ ਜ਼ਖ਼ਮੀ ਹਾਲਤ ਵਿੱਚ ਮਿਲੀ। ਪੁਲਿਸ ਨੇ ਦੱਸਿਆ ਕਿ ਉਸ ਦੀ ਲੱਤ ਉੱਤੇ ਚਾਰ ਵਾਰੀ ਚਾਕੂ ਨਾਲ ਵਾਰ ਕੀਤੇ ਗਏ ਸਨ।

ਪੈਰਾਮੈਡਿਕਸ ਅਨੁਸਾਰ ਉਸ ਨੂੰ ਗੰਭੀਰ ਪਰ ਸਥਿਰ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ। ਘਰ ਵਿੱਚ ਸਟੋਵ ਦੀ ਅੱਗ ਲੱਗਣ ਦੀ ਜਾਣਕਾਰੀ ਵੀ ਮਿਲੀ ਪਰ ਉਸ ਉੱਤੇ ਜਲਦ ਹੀ ਕਾਬੂ ਪਾ ਲਿਆ ਗਿਆ। ਜਾਂਚਕਾਰਾਂ ਨੇ ਦੱਸਿਆ ਕਿ ਇਸ ਦੌਰਾਨ ਇੱਕ ਵਿਅਕਤੀ ਨੂੰ ਹਿਰਾਸਤ ਵਿੱਚ ਲਿਆ ਗਿਆ ਹੈ। ਇਹ ਵੀ ਮੰਨਿਆ ਜਾ ਰਿਹਾ ਹੈ ਕਿ ਉਹ ਜ਼ਖ਼ਮੀ ਮਹਿਲਾ ਨੂੰ ਜਾਣਦਾ ਹੈ ਪਰ ਉਨ੍ਹਾਂ ਦੇ ਆਪਸ ਵਿੱਚ ਕੀ ਸਬੰਧ ਹਨ ਇਸ ਬਾਰੇ ਕੋਈ ਖੁਲਾਸਾ ਨਹੀਂ ਕੀਤਾ ਗਿਆ। ਅਜੇ ਤੱਕ ਇਹ ਵੀ ਪਤਾ ਨਹੀਂ ਲੱਗ ਸਕਿਆ ਕਿ ਇਹ ਘਟਨਾ ਕਿਸ ਕਾਰਨ ਵਾਪਰੀ।

## ਅੱਜ ਨਾਮਾ

ਫਸਿਆ ਬੁਰਾ ਹੈ ਖਾਨ ਇਮਰਾਨ ਕਹਿੰਦੇ,
ਅਦਾਲਤ ਕਿਸੇ ਵੀ ਪਾਈ ਨਾ ਖੈਰ ਬੇਲੀ।
ਆਸਰੇ ਭਾਲਦਾ ਕਈ ਥਾਂ ਤਾਣ ਲਾਉਂਦਾ,
ਟਿਕਿਆ ਕਿਤੇ ਨਹੀਂ ਜਾਪਦਾ ਪੈਰ ਬੇਲੀ।
ਜਿਹੜੇ ਟੱਬਰ ਦੇ ਰਿਹਾ ਸੀ ਪਿਆ ਪਿੱਛੇ,
ਮਗਰਪਿਆ ਉਹ ਕੱਢਣ ਨੂੰ ਵੈਰ ਬੇਲੀ।
ਜਿਨ੍ਹਾਂ ਯਾਰਾਂ ਤੋਂ ਮਦਦ ਲਈ ਆਸ ਹੈ ਸੀ,
ਫੇਰ ਗਏ ਅੱਖੀਆਂ, ਬਣੇ ਪਏ ਗੈਰ ਬੇਲੀ।
ਪਲਟੀ ਖਾਧੀ ਤੇ ਵਕਤ ਦੀ ਮਾਰ ਪੈ ਗਈ,
ਹੋਏ ਫਿਰ ਵੈਰੀ ਹਨ ਰਾਹਾਂ ਦੇ ਕੱਖ ਬੇਲੀ।
ਮਿਲਿਆ ਰਾਜ ਤਾਂ ਪਿਆ ਉਹ ਰਾਹ ਪੁੱਠੇ,
ਸਕਿਆ ਸੰਭਲ ਕੇਹੋਸ਼ ਨਹੀਂ ਰੱਖ ਬੇਲੀ।

**ਤੀਸ ਮਾਰ ਖਾਂ**

# ਪੁਲਿਸ ਨੇ ਚੋਰੀ ਕੀਤੀਆਂ 138 ਗੱਡੀਆਂ ਤੇ 9 ਮਿਲੀਅਨ ਡਾਲਰ ਕੀਤੇ ਬਰਾਮਦ

ਸਫਾ 1 ਦਾ ਬਾਕੀ

ਚੋਰੀ ਕਰਨ ਲਈ ਇੱਕ ਸੰਗਠਿਤ ਗਰੁੱਪ ਸਰਗਰਮ ਸੀ। ਇਸ ਗਰੁੱਪ ਵੱਲੋਂ ਕਈ ਇਲਾਕਿਆਂ ਤੋਂ ਗੱਡੀਆਂ ਚੋਰੀ ਕਰਕੇ ਉਨ੍ਹਾਂ ਨੂੰ ਇੰਟਰਨੈਸ਼ਨਲ ਮਾਰਕਿਟ ਵਿੱਚ ਵੇਚਿਆ ਜਾਂਦਾ ਸੀ। ਜਿਨ੍ਹਾਂ ਮੁਲਕਾਂ ਨੂੰ ਗੱਡੀਆਂ ਵੇਚੀਆਂ ਜਾਂਦੀਆਂ ਸਨ ਉਨ੍ਹਾਂ ਵਿੱਚ ਸੰਯੁਕਤ ਅਰਬ ਅਮੀਰਾਤ, ਕੁਵੈਤ, ਲੈਬਨਨ, ਰਿਪਬਲਿਕ ਆਫ ਕੋਲੰਬੀਆ ਤੇ ਡੈਮੋਕ੍ਰੈਟਿਕ ਰਿਪਬਲਿਕ ਆਫ ਦ ਕਾਂਗੋ ਸ਼ਾਮਲ ਸਨ।

ਜਾਰੀ ਕੀਤੀ ਗਈ ਪ੍ਰੈੱਸ ਰਲੀਜ਼ ਵਿੱਚ ਦੱਸਿਆ ਗਿਆ ਕਿ ਚੋਰੀ ਦੀਆਂ ਇਨ੍ਹਾਂ ਗੱਡੀਆਂ ਦਾ ਰੂਪ ਰੰਗ ਵੀ ਬਦਲ ਦਿੱਤਾ ਜਾਂਦਾ ਸੀ ਤੇ ਇਨ੍ਹਾਂ ਦੇ ਆਇਡੈਂਟੀਫਿਕੇਸ਼ਨ ਨੰਬਰ (ਵਿੰਨਜ਼) ਵੀ ਬਦਲ ਦਿੱਤੇ ਜਾਂਦੇ ਸਨ ਤਾਂ ਕਿ ਇਨ੍ਹਾਂ ਨੂੰ ਪ੍ਰਾਈਵੇਟ ਸੇਲ ਵਜੋਂ ਵੇਚਿਆ ਜਾ ਸਕੇ। ਪੁਲਿਸ ਨੇ ਦੱਸਿਆ ਕਿ ਪਿਛਲੇ ਸਾਲ ਦਸੰਬਰ ਵਿੱਚ ਉਨ੍ਹਾਂ ਵੱਲੋਂ ਇਸੇ ਤਰ੍ਹਾਂ ਰੀ-ਵਾਈਨ ਕੀਤੀ ਇੱਕ ਗੱਡੀ ਨੂੰ ਹਾਈਵੇਅ 401 ਉੱਤੇ ਕਿੰਗਸਟਨ, ਓਨਟਾਰੀਓ ਨੇੜੇ ਰੋਕਿਆ ਗਿਆ। ਇਸ ਵਿੱਚ ਗੈਰਕਾਨੂੰਨੀ ਢੰਗ ਨਾਲ ਨਸ਼ੇ, ਜਿਨ੍ਹਾਂ ਵਿੱਚ 14,914 ਸਿੰਥੈਟਿਕ ਓਪੀਆਇਡ ਟੇਬਲੈਟਸ ਵੀ ਸ਼ਾਮਲ ਸਨ, ਲਿਜਾਏ ਜਾ ਰਹੇ ਸਨ। ਇਸ ਤੋਂ ਬਾਅਦ ਗ੍ਰਿਫਤਾਰੀਆਂ ਦਾ ਤੇ ਜਾਂਚ ਦਾ ਸਿਲਸਿਲਾ ਸ਼ੁਰੂ ਹੋ ਗਿਆ।

ਇਸ ਜਾਂਚ ਦੌਰਾਨ 138 ਚੋਰੀ ਦੀਆਂ ਗੱਡੀਆਂ ਬਰਾਮਦ ਕੀਤੀਆਂ ਗਈਆਂ, 1050 ਮੈਥਾਮੈਟਾਮਾਈਨ ਦੀਆਂ ਗੋਲੀਆਂ, 4.9 ਪਾਊਂਡ ਕੈਨਾਬਿਸ, 1.1 ਪਾਊਂਡ ਕੈਨਾਬਿਸ ਕੰਸਨਟਰੇਟ, 320 ਗ੍ਰਾਮ ਕੋਕੀਨ, 144,635 ਡਾਲਰ ਕੈਨੇਡੀਅਨ ਕਰੰਸੀ ਤੇ 26,698 ਅਮਰੀਕੀ ਕਰੰਸੀ ਫੜ੍ਹੀ ਗਈ। ਇਨ੍ਹਾਂ ਨਸ਼ਿਆਂ ਦੀ ਬਾਜ਼ਾਰ ਵਿੱਚ ਕੀਮਤ 506,000 ਡਾਲਰ ਦੱਸੀ ਜਾਂਦੀ ਹੈ। ਡਬਲਿਊਪੀਐਸ ਤੇ ਓਪੀਪੀ ਦੇ ਜਾਂਚਕਾਰਾਂ ਨੇ ਦੱਸਿਆ ਕਿ ਉਨ੍ਹਾਂ ਨੇ ਕੈਨੇਡਾ ਬਾਰਡਰ ਸਰਵਿਸਿਜ਼ ਏਜੰਸੀ (ਸੀਬੀਐਸਏ), ਲੰਡਨ ਪੁਲਿਸ ਸਰਵਿਸ, ਪੀਲ ਰੀਜਨਲ ਪੁਲਿਸ ਤੇ ਐਕੁਇਤ ਐਸੋਸਿਏਸ਼ਨ ਨਾਲ ਰਲ ਕੇ ਜਾਂਚ ਮੁਕੰਮਲ ਕੀਤੀ।

# ਮੁੰਬਈ ਦੇ ਕਾਲਜ 'ਚ ਹਿਜਾਬ 'ਤੇ ਪਾਬੰਦੀ, ਲੜਕੀਆਂ ਨੂੰ ਗੇਟ 'ਤੇ ਰੋਕਿਆ, ਹੋਇਆ ਹੰਗਾਮਾ

ਮੁੰਬਈ, 3 ਅਗਸਤ (ਪੋਸਟ ਬਿਊਰੋ): ਕਰਨਾਟਕ ਦੇ ਸਕੂਲ 'ਚ ਹਿਜਾਬ ਵਿਵਾਦ ਅਜੇ ਰੁਕਿਆ ਨਹੀਂ ਸੀ ਕਿ ਇਸ ਦਾ ਸੇਕ ਇਕ ਵਾਰ ਫਿਰ ਮੁੰਬਈ ਤੱਕ ਪਹੁੰਚ ਗਿਆ ਹੈ। ਮੁੰਬਈ ਦੇ ਚੇਂਬੂਰ ਸਥਿਤ ਐਨਜੀ ਅਚਾਰੀਆ ਅਤੇ ਮਰਾਠੇ ਸਕੂਲ ਅਤੇ ਕਾਲਜ ਪਿਛਲੇ ਦੋ ਦਿਨਾਂ ਤੋਂ ਅਚਾਨਕ ਸੁਰਖੀਆਂ ਵਿੱਚ ਆ ਗਏ ਹਨ। ਇਥੇ ਹਿਜਾਬ ਨਾਲ ਦਾਖ਼ਲੇ ਨੂੰ ਲੈ ਕੇ ਮਾਮਲਾ ਸਾਹਮਣੇ ਆਇਆ ਹੈ। 1 ਅਤੇ 2 ਅਗਸਤ ਨੂੰ ਸਕੂਲ ਪ੍ਰਸ਼ਾਸਨ ਨੇ ਬੁਰਕਾ-ਹਿਜਾਬ ਵਾਲੀਆਂ ਲੜਕੀਆਂ ਨੂੰ ਸਕੂਲ 'ਚ ਦਾਖਲ ਹੋਣ ਤੋਂ ਰੋਕ ਦਿੱਤਾ ਸੀ, ਜਿਸ ਤੋਂ ਬਾਅਦ ਲੜਕੀਆਂ ਅਤੇ ਉਨ੍ਹਾਂ ਦੇ ਮਾਪੇ ਗੁੱਸੇ 'ਚ ਆ ਗਏ ਸਨ। ਵਧਦੇ ਹੰਗਾਮੇ ਦੇ ਮੱਦੇਨਜ਼ਰ ਸਕੂਲ ਦੇ ਬਾਹਰ ਪੁਲਿਸ ਸੁਰੱਖਿਆ ਵਧਾ ਦਿੱਤੀ ਗਈ ਹੈ। ਸਕੂਲ ਵਿੱਚ ਦਾਖ਼ਲ ਹੋਣ ਤੋਂ ਪਹਿਲਾਂ ਬੱਚਿਆਂ ਦੀ ਚੈਕਿੰਗ ਕੀਤੀ ਜਾ ਰਹੀ ਹੈ।

ਦੂਜੇ ਪਾਸੇ, ਸਕੂਲ ਪ੍ਰਸ਼ਾਸਨ ਦਾ ਤਰਕ ਹੈ ਕਿ ਉਨ੍ਹਾਂ ਨੇ 1 ਮਈ 2023 ਨੂੰ ਪੀਟੀਏ ਦੀ ਮੀਟਿੰਗ ਵਿੱਚ ਬੱਚਿਆਂ ਦੇ ਮਾਪਿਆਂ ਨੂੰ ਸੂਚਿਤ ਕਰਨ ਤੋਂ ਬਾਅਦ ਇੱਕ ਸਰਕੂਲਰ ਜਾਰੀ ਕੀਤਾ ਸੀ, ਜਿਸ ਵਿੱਚ ਸਪੱਸ਼ਟ ਤੌਰ 'ਤੇ ਲਿਖਿਆ ਗਿਆ ਸੀ ਕਿ ਬੱਚਿਆਂ ਨੂੰ ਸਕੂਲ ਵਿੱਚ ਹਿਜਾਬ, ਬੁਰਕਾ ਜਾਂ ਸਕਾਰਫ਼ ਪਹਿਨਣ ਦੀ ਆਗਿਆ ਨਹੀਂ ਹੈ। ਸਕੂਲ ਦੀ ਪ੍ਰਿੰਸੀਪਲ ਵਿਦਿਆਗੌਰੀ ਲੇਲੇ ਨੇ ਦੱਸਿਆ ਕਿ ਹਿਜਾਬ ਦੇ ਵਿਵਾਦ ਨੂੰ ਸੁਲਝਾਉਣ ਅਤੇ ਲੜਕੀਆਂ ਸਮੇਤ ਉਨ੍ਹਾਂ ਦੇ ਮਾਪਿਆਂ ਨੂੰ ਮਨਾਉਣ ਲਈ 3 ਮਹੀਨੇ ਤੱਕ ਵਰਦੀ ਦੇ ਨਿਯਮ ਦੀ ਸਖਤੀ ਨਾਲ ਪਾਲਣਾ ਨਹੀਂ ਕੀਤੀ ਗਈ ਪਰ 1 ਅਗਸਤ ਅਤੇ 2 ਅਗਸਤ ਨੂੰ ਬੁਰਕਾ ਅਤੇ ਹਿਜਾਬ ਵਾਲੀਆਂ ਲੜਕੀਆਂ ਨੂੰ ਸਕੂਲ ਕੈਂਪਸ ਵਿੱਚ ਦਾਖਲ ਨਹੀਂ ਹੋਣ ਦਿੱਤਾ ਗਿਆ। ਜਿਸ ਤੋਂ ਬਾਅਦ ਸਕੂਲ ਦੇ ਬਾਹਰ ਹੰਗਾਮਾ ਵਧ ਗਿਆ। ਲੜਕੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੇ ਬਿਨਾਂ ਬੁਰਕੇ ਦੇ ਦਾਖ਼ਲੇ 'ਤੇ ਇਤਰਾਜ਼ ਜਤਾਇਆ, ਜਿਸ ਤੋਂ ਬਾਅਦ ਪੁਲਿਸ ਨੂੰ ਸਕੂਲ ਬੁਲਾਉਣਾ ਪਿਆ। ਸਕੂਲ ਦੀ ਪ੍ਰਿੰਸੀਪਲ ਵਿਦਿਆਗੌਰੀ ਲੇਲੇ ਦਾ ਕਹਿਣਾ ਹੈ ਕਿ ਨਵੀਂ ਸਿੱਖਿਆ ਨੀਤੀ ਤਹਿਤ 11ਵੀਂ ਅਤੇ 12ਵੀਂ ਜਮਾਤ ਕੋਈ ਜੂਨੀਅਰ ਕਾਲਜ ਨਹੀਂ ਸਗੋਂ ਹੁਣ ਸਕੂਲ ਹੈ ਅਤੇ ਬੱਚਿਆਂ ਨੂੰ ਸਕੂਲੀ ਬੱਚਿਆਂ ਵਾਂਗ ਹੀ ਵਰਦੀ ਪਾਉਣ ਲਈ ਕਿਹਾ ਗਿਆ ਹੈ।

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ?
ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

NATURAL HEALTH SOLUTIONS
Over 20 years Homeopathic/Holistic ways case solving experience
HOMEOPATHY / HOLISTIC ਵਿਧੀ ਰਾਹੀਂ ਬਿਮਾਰੀਆਂ ਦਾ ਇਲਾਜ ਕਰਨ ਦਾ 20 ਸਾਲ ਤੋਂ ਵੱਧ ਦਾ ਤਜ਼ੁਰਬਾ ।
ABDOMINAL, METABOLIC, SKIN ਅਤੇ ਬੱਚਿਆਂ ਨਾਲ ਸੰਬੰਧਿਤ ਬਿਮਾਰੀਆਂ ਜਿਵੇਂ ਕੇ ਭੁੱਖ ਨਾ ਲੱਗਣਾ ਅਤੇ PSYCOLOGICAL ਸੱਮਸਿਆਵਾਂ ਨੂੰ ਠੀਕ ਕਰਨ ਦਾ ਤਜ਼ੁਰਬਾ ।
ਜੇਕਰ ਕਿਤੋਂ ਹੋਰ ਇਲਾਜ ਨਹੀਂ ਹੋਇਆ ਤਾਂ ਸਾਡੇ ਨਾਲ ਸੰਪਰਕ ਕਰੋ -
ਤੁਹਾਡੀ ਭਾਸ਼ਾ ਬੋਲਦੇ - Hindi, Punjabi & English
ASHFAQ AHMAD (M.Sc.)
- Registered Ontario Homeopath
- Holistic Nutritionist
- Certified Herbalist
Phone: 647-779-5904
Address: 8 Camperdown Ave, Etobicoke.
Clinic hours: all appointment basis for client convenience

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill (MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

UK TRUCK TRAINING CENTRE
ukttc
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS
uktruck1@gmail.com
Jitpal Singh Deol
647-204-1936

# ‘ਸਮਕਾਲੀ ਦੌਰ ਵਿੱਚ ਵਿਸ਼ਵ ਪੰਜਾਬੀ ਸੱਭਿਆਚਾਰ’ ਵਿਸ਼ੇ ’ਤੇ ਹੋਈ ਬਰੈਂਪਟਨ ਵਿਚ ਅੱਠਵੀਂ ਵਿਸ਼ਵ ਪੰਜਾਬੀ ਕਾਨਫ਼ਰੰਸ












ਬਰੈਂਪਟਨ, (ਡਾ. ਝੰਡ) -ਲੰਘੇ ਸ਼ਨੀਵਾਰ ਤੇ ਐਤਵਾਰ 29-30 ਜੁਲਾਈ ਨੂੰ ਬਰੈਂਪਟਨ ਦੇ ਸੈਂਚਰੀ ਗਾਰਡਨ ਰੀਕਰੀਏਸ਼ਨ ਸੈਂਟਰ ਦੇ ਵਿਸ਼ਾਲ ਹਾਲ ਵਿੱਚ ‘ਸਮਕਾਲੀ ਦੌਰ ਵਿੱਚ ਵਿਸ਼ਵ ਪੰਜਾਬੀ ਸੱਭਿਆਚਾਰ’ ਵਿਸ਼ੇ ‘ਤੇ ਅੱਠਵੀਂ ਵਿਸ਼ਵ ਪੰਜਾਬੀ ਕਾਨਫ਼ਰੰਸ ਦਾ ਆਯੋਜਨ ਕੀਤਾ ਗਿਆ। ਕਾਨਫ਼ਰੰਸ ਦੇ ਆਰੰਭ ਵਿਚ ਇਸ ਦੇ ਸਰਪ੍ਰਸਤ ਪ੍ਰਿਤਪਾਲ ਸਿੰਘ ਚੱਗਰ ਵੱਲੋਂ ਆਏ ਮਹਿਮਾਨਾਂ ਦਾ ਸੁਆਗ਼ਤ ਕੀਤਾ ਗਿਆ ਅਤੇ ਇਸ ਦਾ ਉਦਘਾਟਨ ਮੁੱਖ-ਮਹਿਮਾਨਾਂ ਅਤੇ ਆਯੋਜਕਾਂ ਵੱਲੋਂ ਮਿਲ ਕੇ ਸ਼ਮ੍ਹਾਂ ਜਗਾਉਣ ਤੋਂ ਬਾਅਦ ਮਿਸੀਸਾਗਾ ਦੀ ਐੱਮ.ਪੀ.ਪੀ. ਨੀਨਾ ਤਾਂਗੜੀ ਵੱਲੋਂ ਰਿਬਨ ਕੱਟ ਕੇ ਕੀਤਾ ਗਿਆ। ਪ੍ਰੋਗਰਾਮ ਦਾ ਆਰੰਭ ਖਾਲਸਾ ਸਕੂਲ ਦੇ ਬੱਚਿਆਂ ਵੱਲੋਂ ਹਾਰਮੋਨੀਅਮ ‘ਤੇ ਅਰਦਾਸ ਦੇ ਸ਼ਬਦ ਅਤੇ ਕੈਨੇਡਾ ਦੇ ਕੌਮੀ-ਗੀਤ ‘ਓ ਕੈਨੇਡਾ’ ਨਾਲ ਕੀਤਾ ਗਿਆ। ਉਦਘਾਟਨੀ ਸੈਸ਼ਨ ਦੌਰਾਨ ਕੁੰਜੀਵੱਤ-ਭਾਸ਼ਨ ਗੁਰੂ ਗ੍ਰੰਥ ਸਾਹਿਬ ਵੱਰਲਡ ਯੂਨੀਵਰਸਿਟੀ ਫ਼ਤਿਹਗੜ੍ਹ ਸਾਹਿਬ ਦੇ ਸਾਬਕਾ ਵਾਈਸ-ਚਾਂਸਲਰ ਡਾ. ਸ਼ਿੰਦਰਪਾਲ ਸਿੰਘ ਵੱਲੋਂ ਪੰਜਾਬੀ ਸੱਭਿਆਚਾਰ ਦੇ ਪਸਾਰ ਲਈ ਧਰਮ ਵੱਲੋਂ ਨਿਭਾਈ ਜਾਣ ਵਾਲੀ ਭੂਮਿਕਾ ‘ਤੇ ਜ਼ੋਰ ਦਿੱਤਾ ਗਿਆ। ਸੈਸ਼ਨ ਦੇ ਦੂਸਰੇ ਬੁਲਾਰੇ ਐਡਵੋਕੇਟ ਜੋਗਿੰਦਰ ਸਿੰਘ ਤੂਰ ਨੇ ਆਪਣੀ ਗੱਲ ਕਲਚਰ, ਕਸਟਮ ਅਤੇ ਕਾਨੂੰਨ ਤਿੰਨਾਂ ਹੀ ਪੱਖਾਂ ਨਾਲ ਜੋੜ ਕੇ ਕੀਤੀ। ਉਪਰੰਤ, ਕਾਨਫ਼ਰੰਸ ਦੇ ਪ੍ਰਧਾਨ ਗਿਆਨ ਸਿੰਘ ਕੰਗ ਅਤੇ ਚੇਅਰਮੈਨ ਕੰਵਲਜੀਤ ਲਾਲੀਕਿੰਗ ਵੱਲੋਂ ਇਸ ਕਾਨਫ਼ਰੰਸ ਵਿੱਚ ਕੈਨੇਡਾ ਅਤੇ ਵਿਦੇਸ਼ਾਂ ਤੋਂ ਪਹੁੰਚੇ ਸਮੂਹ ਬੁਲਾਰਿਆਂ ਅਤੇ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ।

ਕਾਨਫ਼ਰੰਸ ਦੇ ਪਹਿਲੇ ਅਕਾਦਮਿਕ ਸੈਸ਼ਨ ਵਿੱਚ ਵਿਸ਼ਵ ਪੱਧਰ ‘ਤੇ ‘ਪੰਜਾਬੀ ਸੰਗੀਤ ਅਤੇ ਸਿੱਖ ਫ਼ਲਸਫ਼ੇ ਦੀ ਭੂਮਿਕਾ’ ਵਿਸ਼ੇ ਦੇ ਵੱਖ-ਵੱਖ ਪੱਖਾਂ ‘ਤੇ ਰੌਸ਼ਨੀ ਪਾਉਂਦੇ

## ਦੋ ਦਿਨ ਚੱਲੀ ਕਾਨਫ਼ਰੰਸ ਦੇ ਪੰਜ ਸੈਸ਼ਨਾਂ ‘ਚ ਵਿਦਵਾਨਾਂ ਵੱਲੋਂ ਪੜ੍ਹੇ ਗਏ 25 ਪਰਚੇ

ਪੇਪਰ ਭੁਪਿੰਦਰ ਦੂਲੇ, ਦੀਪਕ ਸ਼ਰਮਾ ਚਨਾਰਥਲ, ਪੂਰਨ ਸਿੰਘ ਪਾਂਧੀ, ਡਾ. ਗੁਰਨਾਮ ਕੌਰ ਬੱਲ, ਪ੍ਰੋ. ਕੁਲਦੀਪ ਕੌਰ ਪਾਹਵਾ ਅਤੇ ਡਾ. ਦਵਿੰਦਰ ਸਿੰਘ ਸੇਖੋਂ ਵੱਲੋਂ ਪੜ੍ਹੇ ਗਏ। ਇਸ ਸੈਸ਼ਨ ਦੀ ਪ੍ਰਧਾਨਗੀ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੀ ਵਿਦਵਾਨ ਡਾ. ਕੰਵਲਜੀਤ ਕੌਰ ਗਿੱਲ ਨੇ ਕੀਤੀ, ਜਦਕਿ ਵਿਸ਼ੇਸ਼ ਮਹਿਮਾਨ ਲਹਿੰਦੇ ਪੰਜਾਬ ਤੋਂ ਉਜ਼ਮਾ ਮਹਿਮੂਦ ਸਨ। ਇਸ ਸੈਸ਼ਨ ਦਾ ਸੰਚਾਲਨ ਸੁਰਜੀਤ ਕੌਰ ਟੋਰਾਂਟੋ ਵੱਲੋਂ ਕੀਤਾ ਗਿਆ। ਦੂਸਰੇ ਅਕਾਦਮਿਕ ਸੈਸ਼ਨ ‘ਵਿਸ਼ਵੀਕਰਨ ਦੇ ਦੌਰ ਵਿੱਚ ਪੰਜਾਬੀ ਸੱਭਿਆਚਾਰ ਅਤੇ ਪੰਜਾਬੀ ਭਾਸ਼ਾ ਦੀ ਵਰਤਮਾਨ ਸਥਿਤੀ’ ਦੇ ਪਹਿਲੇ ਬੁਲਾਰੇ ਉੱਘੇ ਖੇਡ-ਲੇਖਕ ਪ੍ਰਿੰਸੀਪਲ ਸਰਵਣ ਸਿੰਘ ਸਨ ਜਿਨ੍ਹਾਂ ਨੇ ਆਪਣੇ ਪਰਚੇ ਵਿੱਚ ਵਿਸ਼ਵ ਪੱਧਰ ‘ਤੇ ਖੇਡਾਂ ਨਾਲ ਜੁੜੇ ਪੰਜਾਬੀ ਸੱਭਿਆਚਾਰ ਦੀ ਗੱਲ ਕੀਤੀ। ਸੈਸ਼ਨ ਦੇ ਦੂਸਰੇ ਬੁਲਾਰੇ ਰੇਖਾ ਮਹਾਜਨ ਵੱਲੋਂ ਆਪਣੇ ਪੇਪਰ ਵਿੱਚ ਸਕੂਲੀ ਸਿੱਖਿਆ ਕੇਵਲ ਮਾਤ-ਭਾਸ਼ਾ ਵਿੱਚ ਹੀ ਦੇਣ ਦੀ ਗੱਲ ਕੀਤੀ ਗਈ। ਇਸ ਸੈਸ਼ਨ ਦੇ ਤੀਸਰੇ, ਚੌਥੇ ਅਤੇ ਪੰਜਵੇਂ ਬੁਲਾਰਿਆਂ ਵਿੱਚ ਸ਼ਾਮਲ ਬਬਨੀਤ ਕੌਰ, ਸੁਰਿੰਦਰਜੀਤ ਕੌਰ ਅਤੇ ਅਰਤਿੰਦਰ ਸੰਧੂ ਵੱਲੋਂ ਕੈਨੇਡਾ ਵਿੱਚ ਪੰਜਾਬੀ ਬੋਲੀ ਦੀ ਅਜੋਕੀ ਸਥਿਤੀ, ਕਿਸਾਨ ਅੰਦੋਲਨ ਅਤੇ ਗਲੋਬਲ ਮੰਡੀਕਰਨ ਦੇ ਸੱਭਿਆਚਾਰ ‘ਤੇ ਪਏ ਪ੍ਰਭਾਵ ਬਾਰੇ ਪੇਪਰ ਪੇਸ਼ ਕੀਤੇ ਗਏ। ਇਸ ਸੈਸ਼ਨ ਦੀ ਪ੍ਰਧਾਨਗੀ ਡਾ. ਦਵਿੰਦਰ ਸਿੰਘ ਸੇਖੋਂ ਵੱਲੋਂ ਕੀਤੀ ਗਈ ਅਤੇ ਇਸ ਦੇ ਵਿਸ਼ੇਸ਼ ਮਹਿਮਾਨ ਭਾਰਤ ਤੋਂ ਆਏ ਬਲਵਿੰ-ਦਰ ਸਿੰਘ ਸੰਧੂ ਸਨ, ਜਦਕਿ ਇਸ ਦਾ ਸੰਚਾਲਨ ਪ੍ਰੋ. ਜਗੀਰ ਸਿੰਘ ਕਾਹਲੋਂ ਵੱਲੋਂ ਕੀਤਾ ਗਿਆ। ਤੀਸਰੇ ਸੈਸ਼ਨ ‘ਵਿਸ਼ਵੀਕਰਨ ਦੇ ਦੌਰ ਵਿੱਚ ਪੰਜਾਬੀ ਸੱਭਿਆਚਾਰ ‘ਤੇ ਵਿਭਿੰਨ ਪ੍ਰਭਾਵ’ ਵਿਚ ਤਿੰਨ ਪੇਪਰ ਪੜ੍ਹੇ ਗਏ ਜਿਨ੍ਹਾਂ ਵਿੱਚ ਲਹਿੰਦੇ ਪੰਜਾਬ ਦੇ ਜਨਾਬ ਮਤਲੂਬ ਵੜੈਚ ਦਾ ਪੇਪਰ ‘1947 ਦੀ ਵੰਡ ਦਾ ਪੰਜਾਬੀ ਸੱਭਿਆਚਾਰ ਉੱਪਰ ਪ੍ਰਭਾਵ’, ਬਲਵਿੰਦਰ ਸਿੰਘ ਸੰਧੂ ਦਾ ਪੇਪਰ ‘ਪੰਜਾਬ ਦੇ ਪੌਣ-ਪਾਣੀ ਨੂੰ ਸਾਫ਼ ਰੱਖਣ ਲਈ ਜਾਗਰੂਕਤਾ ਮੁਹਿੰਮ’ ਅਤੇ ਡਾ. ਡੀ.ਪੀ. ਸਿੰਘ ਦਾ ਪੇਪਰ ‘ਪੰਜਾਬੀ ਸੱਭਿਆਚਾਰ ਅਤੇ ਆਰਟੀਫ਼ਿਸ਼ਲ ਇੰਟੈਲੀਜੈਂਸ’ ਬਾਰੇ ਸੀ। ਇਸ ਸੈਸਨ਼ ਦੀ ਪ੍ਰਧਾਨਗੀ ਦਿੱਲੀ ਯੂਨੀਵਰਸਿਟੀ ਦੀ ਪ੍ਰੋਫ਼ੈਸਰ ਕੁਲਦੀਪ ਕੌਰ ਪਾਹਵਾ ਵੱਲੋਂ ਕੀਤੀ ਗਈ ਅਤੇ ਇਸ ਦਾ ਸੰਚਾਲਨ ਡਾ. ਅਮਰਦੀਪ ਬਿੰਦਰਾ ਵੱਲੋਂ ਕੀਤਾ ਗਿਆ।

ਕਾਨਫ਼ਰੰਸ ਦੇ ਦੂਸਰੇ ਦਿਨ ਦੇ ਪਹਿਲੇ ਸੈਸ਼ਨ ਦੀ ਪ੍ਰਧਾਨਗੀ ਪੰਜਾਬੀ ਲੋਕਧਾਰਾ ਦੇ ਮਾਹਿਰ ਡਾ. ਨਾਹਰ ਸਿੰਘ ਵੱਲੋਂ ਕੀਤੀ ਗਈ ਅਤੇ ਇਸ ਦਾ ਸੰਚਾਲਨ ਪ੍ਰੋ. ਜਗੀਰ ਸਿੰਘ ਕਾਹਲੋਂ ਵੱਲੋਂ ਕੀਤਾ ਗਿਆ। ਇਸ ਵਿੱਚ ਤਿੰਨ ਪਰਚੇ ਪੜ੍ਹੇ ਗਏ ਜਿਨ੍ਹਾਂ ਵਿੱਚੋਂ ਪਹਿਲਾ ਪੇਪਰ ਹਰਜੀਤ ਸਿੰਘ ਗਰੇਵਾਲ ਦਾ ‘ਗੁਰਮੁਖੀ, ਗੁਰਬਾਣੀ ਅਤੇ ਗਤਕਾ’ ਵਿਸ਼ੇ ‘ਤੇ ਸੀ। ਦੂਸਰਾ ਪੇਪਰ ਮੇਜਰ ਸਿੰਘ ਨਾਗਰਾ ਦਾ ‘ਕੈਨੇਡਾ ਵਿੱਚ ਪੰਜਾਬੀ ਭਾਸ਼ਾ ਦੇ ਪ੍ਰਚਾਰ ਅਤੇ ਪਸਾਰ ਵਿੱਚ ਮੀਡੀਆ ਅਤੇ ਸੱਭਿਆਚਾਰਕ ਸੰਸਥਾਵਾਂ ਦੀ ਭੂਮਿਕਾ’ ਉੱਪਰ ਸੀ। ਸੈਸ਼ਨ ਦੇ ਤੀਸਰੇ ਬੁਲਾਰੇ ਉੱਘੇ ਅਰਥ-ਸ਼ਾਸਤਰੀ ਡਾ. ਸੁੱਚਾ ਸਿੰਘ ਗਿੱਲ ਸਨ ਜਿਨ੍ਹਾਂ ਵੱਲੋਂ ‘ਪੰਜਾਬ ਵਿੱਚੋਂ ਹੋ ਰਹੇ ਪਰਵਾਸ ਦਾ ਕੈਨੇਡੀਅਨ ਸਭਿਆਚਾਰ ‘ਤੇ ਪ੍ਰਭਾਵ’ ਬਾਰੇ ਵਿਸਤ੍ਰਿਤ ਜਾਣਕਾਰੀ ਸਾਂਝੀ ਕੀਤੀ ਗਈ।

ਇਸ ਦੂਸਰੇ ਦਿਨ ਦੇ ਦੂਸਰੇ ਸੈਸ਼ਨ ਵਿੱਚ ਪਹਿਲਾ ਪੇਪਰ ਬਰੈਂਪਟਨ ਵਿੱਚ ਪਿਛਲੇ ਲੰਮੇਂ ਸਮੇਂ ਤੋਂ ਵਿਚਰ ਰਹੇ ਕੰਪਿਊਟਰ ਮਾਹਿਰ ਕ੍ਰਿਪਾਲ ਸਿੰਘ ਪੰਨੂੰ ਵੱਲੋਂ ‘ਪੰਜਾਬੀ ਸੱਭਿਆਚਾਰ ‘ਤੇ ਕੰਪਿਊਟਰੀਕਰਨ ਦਾ ਪ੍ਰਭਾਵ’ ਸਬੰਧੀ ਪੇਸ਼ ਕੀਤਾ ਗਿਆ। ਦੂਸਰੇ ਬੁਲਾਰੇ ਡਾ. ਸੁਖਦੇਵ ਸਿੰਘ ਝੰਡ ਵੱਲੋਂ ਆਪਣੇ ਪੇਪਰ ਵਿੱਚ ‘ਲਾਇਬ੍ਰੇਰੀ ਲਹਿਰ ਦੇ ਪੰਜਾਬੀ ਸੱਭਿਆਚਾਰ ਉੱਤੇ ਪਏ ਪ੍ਰਭਾਵ’ ਬਾਰੇ ਗੱਲ ਕੀਤੀ ਗਈ, ਜਦਕਿ ਤੀਸਰੇ ਬੁਲਾਰੇ ਦਰਸ਼ਨਦੀਪ ਅਰੋੜਾ ਵੱਲੋਂ ‘ਵਿਦਿਆਰਥੀਆਂ ਵਿੱਚ ਕਦਰਾਂ-ਕੀਮਤਾਂ ਪੈਦਾ ਕਰਨ ਲਈ ਅਧਿਆਪਕ ਦੀ ਭੂਮਿਕਾ’ ਉੱਪਰ ਆਪਣੇ ਵਿਚਾਰ ਪੇਸ਼ ਕੀਤੇ ਗਏ। ਏਸੇ ਸੈਸ਼ਨ ਵਿਚ ਮੀਡੀਆ ਸੰਚਾਰਕ ਪਲਵਿੰਦਰ ਆਹਲੂਵਾਲੀਆ ਨੇ ਇਲੈਕਟ੍ਰੌਨਿਕ ਮੀਡੀਆ ਦੇ ਪੰਜਾਬੀ ਸੱਭਿਆਚਾਰ ਉੱਪਰ ਪੈ ਰਹੇ ਚੰਗੇ ਤੇ ਮਾੜੇ ਦੋਹਾਂ ਤਰ੍ਹਾਂ ਦੇ ਅਸਰ ਬਾਰੇ ਵਿਸਥਾਰ ਪੂਰਵਕ ਗੱਲ ਕੀਤੀ। ਇਸ ਸੈਸ਼ਨ ਦੀ ਪ੍ਰਧਾਨਗੀ ਲਹਿੰਦੇ ਪੰਜਾਬ ਦੇ ਪ੍ਰੋ. ਆਸ਼ਿਕ ਰਹੀਲ ਵੱਲੋਂ ਕੀਤੀ ਗਈ ਅਤੇ ਇਸ ਦੇ ਵਿਸ਼ੇਸ਼ ਮਹਿਮਾਨ ਵੀ ਲਹਿੰਦੇ ਪੰਜਾਬ ਦੇ ਜਨਾਬ ਅਫ਼ਜ਼ਲ ਰਾਜ਼ ਸਨ, ਜਦਕਿ ਇਸ ਦਾ ਸੰਚਾਲਨ ਡਾ. ਅਮਰਦੀਪ ਬਿੰਦਰਾ ਵੱਲੋਂ ਕੀਤਾ ਗਿਆ।

ਕਾਨਫ਼ਰੰਸ ਦੇ ਵੱਖ-ਵੱਖ ਸੈਸ਼ਨਾਂ ਦੌਰਾਨ ਕਈ ਰਾਜਨੀਤਕ ਅਤੇ ਸਮਾਜਿਕ ਸ਼ਖ਼ਸੀਅਤਾਂ ਨੇ ਵੀ ਸ਼ਿਰਕਤ ਕੀਤੀ ਜਿਨ੍ਹਾਂ ਵਿਚ ਮੈਂਬਰ ਪਾਰਲੀਮੈਂਟ ਸੋਨੀਆ ਸਿੱਧੂ, ਜਨਾਬ ਸ਼ਫ਼ਾਕ ਅਹਿਮਦ ਤੇ ਦੀਪਕ ਅਨੰਦ, ਐੱਮ.ਪੀ.ਪੀ. ਨੀਨਾ ਤਾਂਗੜੀ ਤੇ ਅਮਰਜੋਤ ਸੰਧੂ ਅਤੇ ਕਈ ਹੋਰ ਸ਼ਾਮਲ ਸਨ। ਦੁਪਹਿਰ ਦੇ ਭੋਜਨ ਤੋਂ ਬਾਅਦ ਕਵੀ-ਦਰਬਾਰ ਦਾ ਆਯੋਜਨ ਕੀਤਾ ਗਿਆ ਜਿਸ ਦਾ ਸੰਚਾਲਨ ਉੱਘੀ ਕਵਿੱਤਰੀ ਸੁਰਜੀਤ ਕੌਰ ਟੋਰਾਂਟੋ ਵੱਲੋਂ ਬਾਖ਼ੂਬੀ ਕੀਤਾ ਗਿਆ। ਇਸ ਕਵੀ ਦਰਬਾਰ ਵਿਚ 38 ਕਵੀਆਂ ਵੱਲੋਂ ਭਾਗ ਲੈ ਕੇ ਆਪਣੀਆਂ ਰਚਨਾਵਾਂ ਸਾਂਝੀਆਂ ਕੀਤੀਆਂ ਗਈਆਂ। ਇਸ ਦੌਰਾਨ ਪ੍ਰਧਾਨਗੀ-ਮੰਡਲ ਵਿਚ ਉੱਘੇ ਕਵੀ ਜਸਪਾਲ ਧਾਮੀ, ਬਲਵਿੰਦਰ ਸੰਧੂ, ਦੀਪਕ ਸ਼ਰਮਾ ਚਨਾਰਥਲ, ਹਰਦਿਆਲ ਝੀਤਾ, ਗੁਰਦੇਵ ਚੌਹਾਨ, ਅਰਤਿੰਦਰ ਸੰਧੂ, ਉਜ਼ਮਾ ਮਹਿਮੂਦ ਅਤੇ ਬਲਰਾਜ ਧਾਲੀਵਾਲ ਸ਼ਾਮਲ ਸਨ। ਇਸ ਦੌਰਾਨ ਦੋ ਪੁਸਤਕਾਂ ਵੀ ਲੋਕ-ਅਰਪਿਤ ਕੀਤੀਆਂ ਗਈਆਂ। ਕਾਨਫ਼ਰੰਸ ਦੇ ਅਖ਼ੀਰ ਵੱਲ ਵੱਧਦਿਆਂ ਕੁਝ ਲੇਡੀ ਮੈਂਬਰਾਂ ਵੱਲੋਂ ਪੰਜਾਬ ਦੇ ਲੋਕ-ਨਾਚ ‘ਗਿੱਧੇ’ ਦੀ ਖ਼ੂਬਸੂਰਤ ਝਲਕ ਪੇਸ਼ ਕੀਤੀ ਗਈ। ਇਸ ਦੇ ਨਾਲ ਹੀ ਅੱਠਵੀਂ ਵਿਸ਼ਵ ਪੰਜਾਬੀ ਕਾਨਫ਼ਰੰਸ ਦੇ ਸਫ਼ਲ ਆਯੋਜਨ ਦੀ ਵਧਾਈ ਦਿੰਦਿਆਂ ਹੋਇਆਂ ਕਾਨਫ਼ਰੰਸ ਦੇ ਆਯੋਜਕਾਂ ਵੱਲੋਂ ਸਾਰਿਆਂ ਨੂੰ ਮੁਬਾਰਕਬਾਦ ਦਿੱਤੀ ਗਈ ਅਤੇ ਅੱਗੋਂ ਹੋਰ ਵੀ ਅਜਿਹੀਆਂ ਵਿਸ਼ਵ ਕਾਨਫ਼ਰੰਸਾਂ ਕਰਵਾਉਣ ਦਾ ਵਾਅਦਾ ਕੀਤਾ ਗਿਆ।

VENUE
HEART LAKE CONVERSATION PARK
SITE - LAKEMOUNT 4
Address: 10818 Heart Lake Rd, Brampton, ON L6Z 0B3



Samrai Picnic
AUGUST 6, 2023

ਪਿੰਡ ਸਮਰਾਏ ਦੇ ਵਾਸੀਆਂ ਵਲੋਂ 6 ਅਗਸਤ ਨੂੰ ਪਿਕਨਿੱਕ

ਪਿੰਡ ਸਮਰਾਏ ਦੇ ਸਮੂਹ ਵਾਸੀਆਂ ਵਲੋਂ ਆਪਣੀ ਸਲਾਨਾ ਪਿਕਨਿਕ 06 ਅਗਸਤ ਦਿਨ ਐਤਵਾਰ ਨੂੰ ਹਾਰਟ ਲੇਕ ਕੰਜ਼ੁਵੇਸ਼ਨ ਪਾਰਕ ਵਿਖੇ ਠੀਕ ਦੁਪਿਹਰ 11 ਵਜ ਤੋਂ ਸ਼ਾਮ 6 ਵਜੇ ਤੱਕ ਮਨਾਈ ਜਾ ਰਹੀ ਹੈ । ਇਸ ਦੌਰਾਨ ਬੱਚਿਆਂ ਦੀਆਂ ਖੇਡਾਂ ਅਤੇ ਹੋਰ ਮਨੋਰੰਜਕ ਖੇਡਾਂ ਕਰਵਾਈਆਂ ਜਾਣਗੀਆਂ ਜਿਹਨਾਂ ਵਿਚ ਲੇਡੀਜ਼ ਲਈ 50 ਮੀਟਰ ਦੌੜ, ਬੋਰੀ ਰੇਸ ਅਤੇ ਤਿੰਨ ਟੰਗੀ ਰੇਸ ਵੀ ਸ਼ਾਮਲ ਹਨ । ਪ੍ਰਬੰਧਕਾਂ ਵਲੋਂ ਜੀਟੀਏ ਵਿਚ ਵੱਸਦੇ ਸਮੂਹ ਸਮਰਾਏ ਪਿੰਡ ਵਾਸੀਆਂ ਨੂੰ ਬੇਨਤੀ ਹੈ ਕਿ ਉਹ ਪਰਿਵਾਰਾਂ ਸਮੇਤ ਇਸ ਪਰਿਵਾਰਕ ਪਿਕਨਿਕ ਵਿਚ ਸ਼ਾਮਲ ਹੋਣ ਅਤੇ ਆਪਣੇ ਪਿੰਡ ਨਾਲ ਜੁੜੀਆਂ ਯਾਦਾਂ ਨੂੰ ਤਾਜਾ ਕਰਨ ।



People of Village. Samrai has organised a Picnic on **August 06, 2023, Sunday from 11 am to 6 pm.**
In the park various activities will be played such as **50 meter race, sack race, 3-legged race.**
We request you to accompany your childrens, parents, grandparents with you to recall old memories.

ਪਿਕਨਿੱਕ ਬਾਰੇ ਜਿਆਦਾ ਜਾਣਕਾਰੀ ਲਈ ਸੁਰਜੀਤ ਸਮਰਾ 289-828-2117, ਅਮਰਜੀਤ ਸਮਰਾ 416-939-8292 ਜਾਂ ਮੋਹੀਂਦਰ ਸਮਰਾ 416-271-8477 ਨੂੰ ਸੰਪ੍ਰਕ ਕੀਤਾ ਜਾ ਸਕਦਾ ਹੇ।

Office: 416-654-1010
Sutton
Sutton Group Security Real Estate Brokerage
2700 Dufferin St #47, Toronto ON M6B4J3



"For all your real estate needs"
Anabela Serra
Sales Representative
416-400-5825
anabelserra75@gmail.com






$1,149,000

98 JOHN ST E
Bradford West Gwillimbury, Ontario L3Z1G4
A 5-Plex on a Premium lot of 54 x 148". Lovely stucco & vinyl multiplex in the heart of Bradford. Annual Gross Income is Approx $60,000. Located on a quiet residential street that is close to schools, shopping, restaurants & entertainment. Easy access to the highway for commuters

97 JOHN ST E
Bradford West Gwillimbury, Ontario L3Z2B5



$1,089,000

A charming, well-maintained detached house that's been converted into 4 units; One 2 bedroom unit and three 1 bedroom units. This property sits on a premium lot 50X148 with a large backyard and a large storage shed shared by tenants. Easily convert back to a single family home. All units are currently rented on a month-to-month tenancy.

103 JOHN ST W
Bradford West Gwillimbury, Ontario L3Z2A8



$799,000

**3 UNITS** Lovely semi detached in the heart of Bradford. One 2 bedroom unit, One 1 bedroom unit and 1 bachelor. Annual Gross Income Is Approx $41,000(Gross). Lots Of Parking, Quiet Residential Street Close To Shopping, Restaurants, Schools And Entertainment. Huge Lot 36Ft X 167 Ft. All tenants on a month-to-month tenancy.

6273 YONGE ST
Innisfil, Ontario L0L1K0



$799,000

Great opportunity to own a 4-plex with a monthly income of $4654.00. This property features 3 two bedroom units and one 1 bedroom unit. New septic system was installed in 2021. The tenants would like to stay if possible. Location is on the bus route and minutes to Barrie or Bradford. EXTRA: All existing appliances, all ELFs, Coin operated washer and dryer.

2217 VICTORIA ST
Innisfil, Ontario L9S1A8



$499,000

Ideal building lot dream home steps to the beach. Or Perfect Starter Home Or Investment Property In Village Of Stroud. Home Is Located Minutes From The Go Bus Stop And A Short Walk From Stores And All Amenities. Features Include Gas Furnace 2014, Steel Roof 2014, Plumbing And Wiring 2014, Electrical Panel 2014. A Short Drive To Lake Simcoe.

# ਗੁਰੂ ਹਰਗੋਬਿੰਦ ਸਾਹਿਬ ਦੇ ਆਗਮਨ-ਪੁਰਬ ਦੀ ਖੁਸ਼ੀ ਵਿਚ ਅਖੰਡ ਪਾਠ ਸਾਹਿਬ 4, 5 ਤੇ 6 ਅਗਸਤ ਨੂੰ

ਬਰੈਂਪਟਨ, (ਡਾ. ਝੰਡ) - ਪ੍ਰਾਪਤ ਸੂਚਨਾ ਅਨੁਸਾਰ ਸਿੱਧਵਾਂ ਕਲਾਂ ਦੀ ਸਿੱਖ ਸੰਗਤ ਵੱਲੋਂ ਛੇਵੇਂ ਗੁਰੂ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਆਗਮਨ-ਪੁਰਬ ਨੂੰ ਮੁੱਖ ਰੱਖਦਿਆਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਅਖੰਡ ਪਾਠ ਗੁਰਦੁਆਰਾ ਜੋਤ ਪ੍ਰਕਾਸ਼ ਸਾਹਿਬ ਦੇ ਹਾਲ ਨੰਬਰ 6 ਵਿਖੇ ਸ਼ੁੱਕਰਵਾਰ 4 ਅਗਸਤ ਨੂੰ 12.00 ਵਜੇ ਆਰੰਭ ਕਰਵਾਇਆ ਜਾਏਗਾ ਅਤੇ ਇਨ੍ਹਾਂ ਦਾ ਭੋਗ 6 ਅਗਸਤ ਐਤਵਾਰ ਨੂੰ ਸਵੇਰੇ 10.00 ਵਜੇ ਪਵੇਗਾ। ਇਹ ਗੁਰਦੁ-ਆਰਾ ਸਾਹਿਬ 135 ਸਨਪੈਕ ਬੁਲੇਵਾਰਡ 'ਤੇ ਸਥਿਤ ਹੈ। ਉਪਰੰਤ, ਰਾਗੀ ਸਿੰਘਾਂ ਵੱਲੋਂ ਗੁਰਬਾਣੀ ਦਾ ਮਨੋਹਰ ਕੀਰਤਨ ਕੀਤਾ ਜਾਏਗਾ ਅਤੇ ਢਾਡੀ ਸਿੰਘਾਂ ਵੱਲੋਂ 12.00 ਵਜੇ ਤੀਕ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਜੀਵਨ ਅਤੇ ਉਨ੍ਹਾਂ ਦੀਆਂ ਮੁਗ਼ਲਾਂ ਨਾਲ ਹੋਈਆਂ ਲੜਾਈਆਂ ਬਾਰੇ ਇਤਿਹਾਸਕ ਵਾਰਾਂ ਦਾ ਗਾਇਨ ਕੀਤਾ ਜਾਏਗਾ। ਇਸ ਦੌਰਾਨ ਗੁਰੂ ਕਾ ਲੰਗਰ ਅਟੁੱਟ ਵਰਤੇਗਾ। ਸਮੂਹ ਸੰਗਤ ਨੂੰ ਗੁਰਦੁਆਰਾ ਸਾਹਿਬ ਵਿਖੇ ਦਰਸ਼ਨ ਦੇਣ ਦੀ ਬੇਨਤੀ ਕੀਤੀ ਜਾਂਦੀ ਹੈ।

ਇਸ ਸਬੰਧੀ ਵਧੇਰੇ ਜਾਣਕਾਰੀ +1 (647)701-5166 ਜਾਂ +1 (647)299-1610 'ਤੇ ਫ਼ੋਨ ਕਰਕੇ ਪ੍ਰਾਪਤ ਕੀਤੀ ਜਾ ਸਕਦੀ ਹੈ।

# ਕਲੀਵਵਿਊ ਐਸਟੇਟ ਦੀਆਂ ਔਰਤਾਂ ਵਲੋਂ ਤੀਆਂ ਦਾ ਮੇਲਾ



ਬਰੈਂਪਟਨ: (ਡਾ ਬਲਜਿੰਦਰ ਸਿੰਘ ਸੇਖੋਂ) ਬੀਤੇ ਸ਼ੁਕਰਰਵਾਰ, ਬਰੈਂਪਟਨ ਦੇ ਕਲੀਵਵਿਊ ਐਸਟੇਟ ਦੀਆਂ ਪੰਜਾਬਣਾਂ ਨੇ ਪਾਰਕ ਵਿਚ ਤੀਆਂ ਦਾ ਤਿਉਹਾਰ ਬੜੀ ਧੂਮ ਧਾਮ ਨਾਲ ਮਨਾਇਆ। ਇਸ ਵਿਚ ਤਕਰੀਬਨ 80 ਤੋਂ ਵੱਧ ਔਰਤਾਂ ਨੇ ਭਾਗ ਲਿਆ। ਉਨ੍ਹਾਂ ਬੜੇ ਉਤਸ਼ਾਹ ਨਾਲ ਰਲ ਮਿਲ ਕੇ ਇਸ ਦਾ ਸਾਰਾ ਇੰਤਜ਼ਾਮ ਕੀਤਾ, ਜਿਸ ਵਿਚ ਖਾਣ ਪੀਣ ਦਾ ਖੁੱਲ੍ਹਾ ਪ੍ਰਬੰਧ ਕੀਤਾ ਹੋਇਆ ਸੀ। ਪੰਜਾਬਣਾਂ, ਸੌਣ ਮਹੀਨੇ ਦੀ ਤੀਜ ਤੋਂ ਪੂਰਨਮਾਸ਼ੀ ਤੱਕ ਮਨਾਈਆਂ ਜਾਂਦੀਆਂ ਤੀਆਂ ਨੂੰ, ਜੋ 50-60 ਸਾਲ ਪਹਿਲਾਂ ਪੰਜਾਬ ਦੇ ਪਿੰਡਾਂ ਵਿਚ ਬੜੀਆਂ ਪ੍ਰਚੱਲਤ ਸਨ, ਬੜੀ ਉਤਸੁਕਤਾ ਨਾਲ ਉਡੀਕਦੀਆਂ। ਇਹ ਉਹ ਦਿਨ ਹੁੰਦੇ ਸਨ, ਜਦ ਔਰਤਾਂ ਪੇਕੇ ਜਾਣਾ ਆਪਣਾ ਹੱਕ ਸਮਝਦੀਆਂ ਸਨ। ਖੇਤਾਂ ਵਿਚ ਔਰਤਾਂ ਦੇ ਕਰਨ ਵਾਲੇ ਕੰਮ ਵੀ ਇਹਨੀ ਦਿਨੀ ਘੱਟ ਹੁੰਦੇ। ਭਰਾ ਅਪਣੀਆਂ ਭੈਣਾਂ ਨੂੰ ਉਨ੍ਹਾਂ ਦੇ ਸੁਹਰਿਆਂ ਤੋਂ ਲੈ ਕੇ ਆਉਂਦੇ। ਆਪਣੇ ਵਿਆਹ ਤੋਂ ਬਾਅਦ ਵੱਖੋ ਵੱਖਰੀਆਂ ਥਾਂਵਾਂ ਤੇ ਖਿਲਰੀਆਂ ਸਹੇਲੀਆਂ ਨੂੰ ਫਿਰ ਤੋਂ ਬੈਠ, ਰਲ ਮਿਲ ਸੁੱਖ ਦੁੱਖ ਦੀਆਂ ਗੱਲਾਂ ਕਰਨ ਦਾ ਇਹ ਵਧੀਆ ਮੌਕਾ ਹੁੰਦਾ। ਪਿੰਡ ਦੇ ਬਾਹਰ ਵੱਡੇ ਬੋਹੜਾਂ ਤੇ ਪਿਪਲਾਂ ਦੁਆਲੇ ਸ਼ਾਮ ਵੇਲੇ ਕੁੜੀਆਂ ਦਾ ਇਕੱਠ ਹੁੰਦਾ, ਚੰਗੇ ਰੱਸੇ ਲਿਆ, ਪੀਘਾਂ ਪਾਈਆਂ ਤੇ ਝੂਟੀਆਂ ਜਾਂਦੀਆਂ। ਵੱਡੇ ਘੇਰੇ ਵਿਚ ਜੁੜ, ਔਰਤਾਂ, ਬੋਲੀਆਂ ਪਾਉਂਦੀਆਂ, ਨਚਦੀਆਂ ਤੇ ਗਿੱਧਾ ਪਾਉਂਦੀਆਂ।

ਅਖੀਰਲੇ ਦਿਨ, ਇਹ ਇਕੱਠ, ਭੀੜ ਦਾ ਰੂਪ ਧਾਰਨ ਕਰਦਾ ਅਤੇ ਕੁਝ ਕੁ ਦੁਕਾਨਾਂ ਦੀਆਂ ਰਿਉੜੀਆਂ ਪਤਾਸਿਆਂ ਦਾ ਮੁਫ਼ਤ ਵਿਚ ਆਨੰਦ ਮਾਣਦਾ। ਇਨ੍ਹਾਂ ਛੋਟੀਆਂ ਹੱਟਾਂ ਦੇ ਬਾਣੀਆਂ ਨੂੰ ਵੀ ਇਸ ਦਾ ਪਤਾ ਹੁੰਦਾ ਅਤੇ ਉਹ ਇਸ ਮੁਫ਼ਤ ਖੋਰੀ ਨੂੰ ਹੱਸ ਖੇਡ ਵਿਚ ਜਰ ਜਾਂਦੇ। ਆਪਣੇ ਵਿਰਸੇ ਨੂੰ ਯਾਦ ਕਰਦਿਆਂ, ਪੰਜਾਬਣਾਂ ਵਲੋਂ ਅੱਜ ਕਲ੍ਹ ਵਿਦੇਸ਼ਾਂ ਵਿਚ ਸਗੋਂ ਪੰਜਾਬ ਨਾਲੋਂ ਵੀ ਵੱਧ ਚੜ੍ਹ ਕੇ ਇਸ ਤਿਉਹਾਰ ਨੂੰ ਕਈ ਦਿਨ ਤਾਂ ਨਹੀਂ, ਪਰ ਕਿਸੇ ਇੱਕ ਦਿਨ ਮਨਾਇਆ ਜਾਣ ਲੱਗਾ ਹੈ। ਜਦ ਪੁਰਾਣੇ ਜਮਾਨੇ, ਇਹਨੀ ਦਿੱਨੀਂ ਘਰਾਂ ਵਿਚ ਮਾਲ੍ਹ ਪੂੜੇ, ਗੁਲਗਲੇ ਆਦਿ ਬਣਾਏ ਜਾਂਦੇ, ਇਥੇ ਬਣੇ ਬਣਾਏ ਲੱਡੂ, ਜਲੇਬੀਆਂ, ਗੁਲਾਬ ਜਾਮਣਾਂ, ਸਮੋਸੇ ਤੇ ਪਕੌੜੇ ਖੁਲ੍ਹੇ ਵਰਤਾਏ ਜਾਂਦੇ ਹਨ। ਬੱਚੇ ਇਸ ਮੌਕੇ ਕੋਕੇ ਕੋਲੇ ਦੀਆਂ ਵੱਡੀਆਂ ਬੋਤਲਾਂ ਦਾ ਆਨੰਦ ਮਾਣਦੇ ਹਨ। ਪੰਜਾਬ ਵਾਂਗ ਜੁੜੀਆਂ ਔਰਤਾਂ, ਖਾਸ ਕਰ ਵੱਡੀ ਉਮਰ ਦੀਆਂ, ਪੁਰਾਣੀਆਂ ਬੋਲੀਆਂ, ਗਿੱਧਾ ਪਾਉਂਦੀਆਂ ਅਤੇ ਨਚਦੀਆਂ ਹਨ। ਹਰ ਪਾਰਕ ਵਿਚ ਜਿਥੇ ਕਿਤੇ ਵੀ ਇਹ ਇਕੱਠ ਹੁੰਦਾ ਹੈ, ਇੱਕ ਬੋਲੀ ਬੜੀ ਆਮ ਸੁਣੀ ਜਾ ਸਕਦੀ ਹੈ। ਇਸ ਤੀਆਂ ਦੇ ਮੇਲੇ ਵਿਚ ਵੀ ਇਹ ਵਾਰ ਵਾਰ ਦੁਹਰਾਈ ਜਾ ਰਹੀ ਸੀ:

ਸਾਰੇ ਤਾਂ ਗਹਿਣੇ ਮੇਰੇ ਮਾਪਿਆਂ ਨੇ ਪਾਏ
ਇੱਕੋ ਤਵੀਤ ਉਹਦੇ ਘਰ ਦਾ ਨੀ,
ਜਦੋਂ ਲੜਦਾ ਤਾਂ ਲਾਹਦੇ ਲਾਹਦੇ ਕਰਦਾ ਨੀ।

ਬੋਲੀ ਛੋਟੀ ਹੈ, ਛੇਤੀ ਮੁੱਕ ਜਾਂਦੀ ਹੈ ਅਤੇ ਨਾਲ ਹੀ ਗਿੱਧੇ ਅਤੇ ਨੱਚਣ ਲਈ ਮਾਹੌਲ ਸਿਰਜ ਜਾਂਦੀ ਹੈ, ਜਿਸ ਵਿਚ ਛੋਟੀ ਤੋਂ ਵੱਡੀ ਉਮਰ ਦੀਆਂ ਔਰਤਾਂ ਰੱਲ ਮਿਲ ਮੇਲੇ ਦਾ ਰੰਗ ਬੰਨ ਦਿੰਦੀਆਂ ਹਨ। ਇਸ ਤੀਆਂ ਦੇ ਮੇਲੇ ਵਿਚ ਵੀ ਇਸ ਤਰ੍ਹਾਂ ਦੀਆਂ ਬੋਲੀਆਂ ਨੇ ਚੰਗੀ ਰੌਣਕ ਬਣਾਈ ਰੱਖੀ। ਬਹੁੱਤ ਸਾਰੀਆਂ ਔਰਤਾਂ ਨੇ ਪਾਰਕ ਵਿਚਲੀਆਂ ਪੀਘਾ ਝੂਟ ਕੇ ਪੁਰਾਣੀਆਂ ਯਾਦਾਂ ਤਾਜਾ ਕੀਤੀਆਂ। ਬੋਲੀਆਂ ਪਾਉਣ ਵਿਚ ਮਨਜੀਤ ਸਭ ਤੋਂ ਅੱਗੇ ਰਹੀ, ਨਾਲ ਹੀ ਅਮਰਿਤ ਸੋਹੀ, ਰਾਜਿੰਦਰ, ਸੁਰਿੰਦਰ,ਬਲਵੀਰ, ਕਿਰਨ, ਕਮਲੇਸ਼, ਸੁਖਵੰਤ ਤੇ ਦਵਿੰਦਰ ਨੇ ਵੀ ਚੰਗੀ ਰੌਣਕ ਲਾਈ। ਇਸ ਸਮਾਗਮ ਵਿਚ ਖਾਣ ਪੀਣ ਦਾ ਪ੍ਰਬੰਧ ਮਨਜੀਤ , ਦਲਜੀਤ, ਭੁਪਿੰਦਰ , ਰਣਜੀਤ ,ਹਰਜਿੰਦਰ, ਮਨਮੋਹਨ, ਜੁਗਿੰਦਰ ਤੇ ਪੂਨਮ ਤੇ ਬੇਅੰਤ ਨੇ ਰਲ ਮਿਲ ਕੇ ਕੀਤਾ।




ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ ਕਾਲ ਕਰੋ: 905-793-2202



# Matrimonial
## ਰਿਸ਼ਤੇ ਹੀ ਰਿਸ਼ਤੇ

Starting at just $10
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ ਕਾਲ ਕਰੋ: 905-793-2202

## ਲੜਕੀ ਦੀ ਲੋੜ

Sikh Ramgarhia Boy, well settled family in Canada is looking for a suitable match for their 32-year-old son. Doing business in Ontario and Winnipeg. Canadian citizen, Height: 5"10', Active in Real Estate and Financing Business. Call: 204-510-7658 or 437-881-7282

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋ-ਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ।ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ।ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ।ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com




## ਲੜਕੇ ਦੀ ਲੋੜ

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com












# ਪੰਜਾਬੀ ਸੱਭਿਆਚਾਰ ਮੰਚ ਵੱਲੋਂ ਸਰਦਾਰ ਊਧਮ ਸਿੰਘ ਦਾ ਸ਼ਹੀਦੀ ਦਿਨ ਮਨਾਇਆ ਗਿਆ





ਬਰੈਂਪਟਨ (ਬਾਸੀ ਹਰਚੰਦ): ਪੰਜਾਬੀ ਸੱਭਿਆਚਾਰ ਮੰਚ ਨੇ ਇੰਡੀਆ ਦੀ ਅਜ਼ਾਦੀ ਦੇ ਸਿਰਮੌਰ ਸ਼ਹੀਦਾਂ ਕਰਤਾਰ ਸਿੰਘ ਸਰਾਭਾ, ਸਰਦਾਰ ਭਗਤ ਸਿੰਘ,ਚੰਦਰ ਸ਼ੇਖਰ ਅਜ਼ਾਦ , ਦੀ ਕਤਾਰ ਦੇ ਮਹਾਨ ਸ਼ਹੀਦ ਊਧਮ ਸਿੰਘ ਜੀ ਦਾ ਸ਼ਹੀਦੀ ਦਿਨ ਦਿਨ ਬੜੀ ਸ਼ਰਧਾ ਨਾਲ ਨਿਮਨ ਹੋ ਕੇ ਦਿਲ ਦੀਆਂ ਗਹਿਰਾਈਆਂ ਤੋਂ ਮਨਾਇਆ ਗਿਆ। ਉਸ ਦੀ ਭਾਰਤ ਦੀ ਅਜ਼ਾਦੀ ਨੂੰ ਦੇਣ ਦੀ ਬਹੁਤ ਹੀ ਦਿਲ ਟੁੰਭਵੀ ਦਾਸਤਾਨ ਕਹਿਕੇ ਯਾਦ ਕੀਤਾ ਗਿਆ। ਸਮਾਗਮ ਦੇ ਸ਼ੁਰੂ ਵਿੱਚ ਪਿੰਸੀਪਲ ਗਿਆਨ ਸਿੰਘ ਘਈ ਨੇ ਊਧਮ ਸਿੰਘ ਤੇ ਲਿਖੀ ਆਪਣੀ ਲੰਮੀ ਅਤੇ ਬਹੁਤ ਵਧੀਆ ਕਵਿਤਾ ਪੜੀ। ਭਰਵੇਂ ਇਕੱਠ ਨੂੰ ਮੁਖਾਤਬ ਹੁੰਦਿਆਂ ਮੰਚ ਦੇ ਪਰਧਾਨ ਬਲਦੇਵ ਸਿੰਘ ਸਹਿਦੇਵ ਨੇ ਵਿਸਥਾਰ ਪੂਰਵਕ ਬਾਲਪਣ ਤੋਂ ਲੈ ਕੇ ਉਹਨਾਂ ਦੇ ਜੀਵਨ ਦੇ ਸਫਰ ਦਾ ਬਿਰਤਾਂਤ ਸਾਥੀਆ ਨਾਲ ਸਾਂਝਾ ਕੀਤਾ। ਜਨਮ ਤੋਂ ਤਿੰਨ ਸਾਲ ਬਾਅਦ ਮਾਂ ਦਾ ਚਲੇ ਜਾਣਾ, ਅੱਠ ਸਾਲ ਬਾਅਦ ਬਾਪ ਦਾ ਚਲੇ ਜਾਣਾ,ਸ੍ਰੀ ਅੰਮ੍ਰਿਤਸਰ ਸਾਹਿਬ ਯਤੀਮਖਾਨੇ ਪਲਣਾ,ਜਲਿਆਂਵਾਲੇ ਬਾਗ ਦੀ ਘਟਨਾ ਦਾ ਨਦਾਨ ਨੌਜਵਾਨ ਤੇ ਗਹਿਰਾ ਅਸਰ, ਨਰੋਬੀ ਜਾਣਾ, ਫਿਰ ਵਾਪਸ ਆਕੇ ਅਮਰੀਕਾ ਜਾਣਾ,ਗਦਰ ਪਾਰਟੀ ਵਿੱਚ ਸ਼ਾਮਲ ਹੋਣਾ, ਵਾਪਸ ਇੰਡੀਆ ਆਉਣਾ, ਹਥਿਆਰ ਰਖਣ ਵਿੱਚ ਪੰਜ ਸਾਲ ਕੈਦ, ਬਰੀ ਹੋਕੇ ਲੰਡਣ ਜਾਣਾ ਅਤੇ ਮਾਈਕਲ ਓਡਵਾਇਰ ਨੂੰ ਮਾਰਨਾ , ਫਾਸੀ ਦੀ ਸਜ਼ਾ ਹੋਣਾ ਇਕੱਤੀ ਜੁਲਾਈ,1940 ਨੂੰ ਫਾਸੀ ਦੇ ਤਖਤੇ ਨੂੰ ਚੁੰਮ ਲੈਣਾ। ਇਸ ਸਾਰੇ ਘਟਨਾ ਕਰਮ ਪਿੱਛੇ ਇੱਕ ਹੀ ਕਾਰਨ ਸੀ ਅੰਗਰੇਜਾਂ ਵੱਲੋਂ ਭਾਰਤੀਆਂ ਨੂੰ ਗੁਲਾਮ ਰੱਖਣਾ ਅਤੇ ਹਰ ਤਰਾਂ ਦਾ ਜ਼ੁਲਮ ਕਰਕੇ ਆਪਣੀ ਹਕੂਮਤ ਕਾਇਮ ਰੱਖਣਾ। ਇਸ ਰੋਸ ਦੀ ਪ੍ਰਤੀ ਕਿਰਿਆ ਹੀ ਬਲੀਦਾਨ ਕਾਰਨ ਸੀ। ਡਾ:; ਬਲਵਿੰਦਰ ਸਿੰਘ ਸੇਖੋਂ ਨੇ ਉਸ ਦੇ ਜੀਵਨ ਦੀਆਂ ਘਟਨਾਵਾਂ ਨੂੰ ਵਿਸਥਾਰ ਵਿੱਚ ਦਸਦਿਆਂ ਕਿਹਾ ਗਰੀਬ ਪਰੀਵਾਰ ਵਿੱਚ ਪੈਦਾ ਹੋ ਕੇ ਵੱਡੇ ਕਾਰਨਾਮੇ ਕਰਕੇ ਇਤਿਹਾਸ ਰਚਿਆ। ਬਜ਼ੁਰਗ ਕਵੀ ਕੁੰਢਾ ਸਿੰਘ ਢਿਲੋਂ ਨੇ ਖੂਬਸੂਰਤ ਕਵਿਤਾ ਪੜ੍ਹੀ। ਸੱਤ ਪਾਲ ਸਿੰਘ ਜੌਹਲ ਸਕੂਲ ਟਰੱਸਟੀ ਨੇ ਸ਼ਰਧਾਜਲੀ ਪੇਸ਼ ਕਰਦਿਆਂ ਕਿਹਾ ਕਿ ਸ਼ਹੀਦ ਨੇ ਭਾਰਤੀਆਂ ਦੀ ਡਿੱਗੀ ਪੱਗ ਨੂੰ ਮੁੜ ਉਹਨਾਂ ਦੇ ਸਿਰ ਤੇ ਰੱਖ ਕੇ ਪੰਜਾਬੀ ਹੋਣ ਦਾ ਮਾਣ ਵਧਾਇਆ। ਹਰਚੰਦ ਸਿੰਘ ਬਾਸੀ ਨੇ ਸਟੇਜ ਸਕੱਤਰ ਦੀ ਜਿੰਮੇਵਾਰੀ ਨਿਭਾਉਂਦਿਆਂ ਵਿਚਾਰ ਸਾਂਝੇ ਕੀਤੇ ਕਿ ਉਸ ਸਮੇਂ ਦੀ ਜੁਲਮੀ ਬਸਤੀਵਾਦੀ ਬਿਦੇਸੀ ਹਕੂਮਤ ਤੋਂ ਇੰਡਿਆ ਨੂੰ ਅਜ਼ਾਦ ਕਰਾਉਣ ਲਈ ਅਨੇਕਾਂ ਲੋਕਾਂ ਨੇ ਜਾਨਾਂ ਵਾਰੀਆਂ ਤਾਂ ਕਿ ਸੱਭ ਮਨੁੱਖਾਂ ਨੂੰ ਬਰਾਬਰ ਦਾ ਸਨਮਾਨ ਮਿਲੇ। ਜਾਤ ਪਾਤ ਊਚ ਨੀਚ,ਧਾਰਮਿਕ ,ਆਰਥਿਕ ਵਿਤਕਰੇ ਮਨੁੱਖ ਦੀ ਵਿਅੱਗਤੀਗੱਤ ਅਜਾਦੀ ਵਿੱਚ ਅੜਿਕੇ ਨਾ ਬਨਣ। ਭੁੱਖ ਨੰਗ ਗਰੀਬੀ ਦੇ ਮਸਲੇ ਹੱਲ ਹੋਣ। ਪਰ ਮਜੂਦਾ ਸਤਾ ਨੇ ਸ਼ਾਵਨਵਾਦੀ ਨੀਤੀਆ ਨਾਲ ਇਤਹਾਸ ਨੂੰ ਪੁਠਾ ਮੋੜਾ ਦੇਣਾ ਆਪਣੀ ਨੀਤੀ ਬਣਾ ਲਈ ਹੈ ਜੋ ਅਤਿ ਖਤਰਾਨਕ ਹੈ ।ਸ਼ਹੀਦਾਂ ਨੂੰ ਯਾਦ ਕਰਦਿਆਂ ਅਜਿਹੀਆਂ ਮਾਰੂ ਨੀਤੀਆਂ ਖਿਲਾਫ ਲੋਕਾਂ ਨੂੰ ਅਵਾਜ਼ ਉਠਾਉਣੀ ਚਾਹੀਦੀ ਹੈ। ਸਮਾਗਮ ਵੱਲੋਂ ਪਰਧਾਨ ਮੰਤਰੀ ਮੋਦੀ ਵੱਲੋਂ ਮਨੀਪੁਰ ਦੇ ਅਤਿ ਅਰਾਜਕਤਾ ਵਾਲੇ ਹਾਲਾਤਾਂ ਉਤੇ ਨਾ ਬੋਲਣਾ ਅਤੇ ਔਰਤਾਂ ਨੂੰ ਨਿਰਵਸਤਰ ਕਰਕੇ ਬਲਾਤਕਾਰ ਕਰਨ ਜਿਹੀਆਂ ਅਤਿ ਘਿਉਣੀਆਂ ਘਟਨਾਵਾਂ ਦੀ ਘੋਰ ਨਿੰਦਾ ਦਾ ਮਤਾ ਪਾਸ ਕੀਤਾ ਗਿਆ। ਗਿਆਨ ਸਿੰਘ ਘਈ ਨੇ ਆਪਣੀ ਪੁਸਤਕ "ਕਲਯੁਗ ਦਾ ਰਹਿਬਰ ਗੁਰੂ ਨਾਨਕ" ਮੰਚ ਦੇ ਪਰਧਾਨ ਨੂੰ ਭੇਂਟ ਕੀਤੀ।

ਅੰਤ ਵਿੱਚ ਮੰਚ ਦੇ ਸਕੱਤਰ ਸੁਖਦੇਵ ਸਿੰਘ ਧਾਲੀਵਾਲ ਨੇ ਸਹੀਦੀ ਸਮਾਗਮ ਵਿੱਚ ਸ਼ਾਮਲ ਮਹਿਮਾਨਾਂ ਦਾ ਧੰਨਵਾਦ ਕੀਤਾ। ਅਤੇ ਸੁਨੇਹਾ ਦਿਤਾ ਕਿ ਕਲੀਵ ਵਿਊ ਪਾਰਕ ਬਰੈਂਪਟਨ ਮਿਸੀਸਾਗਾ ਰੋਡ ਨੇੜੇ ਵਿੱਚ ਵੀਹ ਅਗੱਸਤ ਨੂੰ ਅਜ਼ਾਦੀ ਦਿਵਸ ਮਨਾਇਆ ਜਾਏਗਾ ਅਤੇ ਕਾਮਰੇਡ ਗੁਰਬਖਸ਼ ਸਿੰਘ ਧੂੜਕੋਟ ਲੇਟ ਐਮ ਐਲ ਏ ਅਤੇ ਲੇਟ ਕਾਮਰੇਡ ਜੀਤ ਸਿੰਘ ਚੂਹੜ ਚੱਕ ਸਰਪੰਚ ਦੀਆਂ ਸੇਵਾਵਾਂ ਨੂੰ ਯਾਦ ਕੀਤਾ ਜਾਏਗਾ। ਸਮਾਗਮ ਵਿੱਚ ਹੋਰਨਾਂ ਤੋਂ ਇਲਾਵਾ ਡਾਂ:ਲਾਲ ਸਿੰਘ ਚਾਹਲ, ਸੁਰਿੰਦਰ ਸਿੰਘ ਗਿਲ, ਪ੍ਰਿੰਸੀਪਲ ਜਰਨੈਲ ਸਿੰਘ ਨੂਰ ਮਹਿਲ, ਸ਼ਵਿੰਦਰ ਸਿੰਘ ਪੰਨੂ ਬੈਂਕ ਮਨੇਜਰ, ਗੁਰਸੇਵਕ ਸਿੱਧੂ ਜਿਲਾ ਮੰਡੀਕਰਨ ਅਫਸਰ,ਗੁਰਚਰਨ ਸਿੰਘ,ਕੁਲਵਿੰਦਰ ਸਿੰਘ, ਆਦਿ ਸ਼ਾਮਲ ਹੋਏ। ਨੌਜਵਾਨ ਆਗੂ ਸੁਮੀਤ ਵਲਟੋਹਾ ਨੌਜਵਾਨ ਮੁੰਡੇ ਕੁੜੀਆਂ ਦੇ ਜਥੇ ਸਮੇਤ ਸਮਾਗਮ ਵਿੱਚ ਸ਼ਾਮਲ ਹੋਏ ਜੋ ਇੱਕ ਹੌਸਲਾ ਵਧਾਊ ਕਦਮ ਹੈ।

# ਮਾਉਂਟੇਨਿਸ਼ ਰੋਡ ਤੇ ਸਥਿਤ ਸਕੂਲ ਦੇ ਪਾਰਕ ਵਿੱਚ ਤੀਆਂ ਦਾ ਮੇਲਾ ਲਗਾਇਆ





(ਬਰੈਂਪਟਨ/ਬਾਸੀ ਹਰਚੰਦ): ਪਿਛਲੇ ਸਾਲਾਂ ਦੀ ਤਰ੍ਹਾਂ ਇਸ ਸਾਲ ਵੀ ਮਾਉਂਟੇਨਿਸ਼ ਰੋਡ ਬਰੈਂਪਟਨ ਤੇ ਸਥਿਤ ਸਕੂਲ ਦੇ ਪਾਰਕ ਵਿੱਚ ਉਨੱਤੀ ਜੁਲਾਈ ਨੂੰ ਤੀਆਂ ਦਾ ਤੇਰਵਾਂ ਸਲਾਨਾ ਮੇਲਾ ਲਾਇਆ ਗਿਆ। ਤਿੰਨ ਵਜੇ ਤੋਂ ਸੱਤ ਵਜੇ ਤੱਕ ਪਾਰਕ ਵਿੱਚ ਸੈਕੜਿਆਂ ਦੀ ਗਿਣਤੀ ਵਿੱਚ ਬੀਬੀਆ ਬੱਚੇ ਇਕੱਤਰ ਹੋ ਗਏ। ਬੀਬੀਆਂ ,ਮੁਟਿਆਰਾਂ ਤੇ ਬੱਚੀਆਂ ਨੇ ਰੱਜ ਰੱਜ ਗਿੱਧਾ ਪਾਇਆ ਅਤੇ ਬੋਲੀਆਂ ਪਾ ਕੇ ਆਪਣੇ ਮਨ ਦੇ ਵਲਵਲੇ ਪਰਗਟ ਕੀਤੇ । ਕੈਸਲਮੋਰ ਸੀਨੀਅਰਜ਼ ਕਲੱਬ ਦੇ ਪ੍ਰਧਾਨ ਗੁਰਮੇਲ ਸਿੰਘ ਸੱਗੂ ਅਤੇ ਬੀਬੀ ਸੁਰਜੀਤ ਕੌਰ ਗਰੇਵਾਲ,ਬਲਵਿੰਦਰ ਕੌਰ ਦਿਉਲ, ਬਲਵਿੰਦਰ ਸਿੰਘ ਗਰੇਵਾਲ, ਕਸ਼ਮੀਰਾ ਸਿੰਘ ਦਿਉਲ ਅਤੇ ਹੋਰ ਸਹਿਯੋਗੀ ਬੀਬੀਆਂ ਪੁਰਸ਼ਾਂ ਨੇ ਸਹਿਯੋਗ ਦਿਤਾ। ਜਰਨੈਲ ਸਿੰਘ ਚਾਨਾ ਨੇ ਸਾਉਂਡ ਦਾ ਵਧੀਆ ਪਰਬੰਧ ਕੀਤਾ। ਮੀਂਹ ਦੇ ਮੌਸਮ ਦੇ ਬਾਵਜੂਦ ਵੀ ਮੇਲੇ ਦੀ ਬਹੁਤ ਵਧੀਆ ਰੌਣਕ ਰਹੀ। ਖਾਣ ਪੀਣ ਦਾ ਖੁੱਲਾ ਡੁੱਲਾ ਪਰਬੰਧ ਸੀ। ਕੁਝ ਸਿਅਸੀ ਲੋਕਾਂ ਵੀ ਮੇਲੇ ਵਿੱਚ ਹਾਜ਼ਰੀ ਲੁਆਈ। ਅੰਤ ਵਿੱਚ ਬੀਬੀਆਂ ਨੇ ਸੱਭ ਦਾ ਧੰਨਵਾਦ ਕੀਤਾ। ਤੀਆਂ ਮਨਾ ਕੇ ਖੁਸੀ ਖੁਸ਼ੀ ਸੱਭ ਘਰਾਂ ਨੂੰ ਪਰਤ ਗਏ।













ROYAL CANADIAN
International
CIRCUS
UNDER THE BIG TOP
BRAMPTON & MISSISSAUGA
July 6–August 20
2 for 1
GENERAL ADMISSION
TICKETS
at royalcanadiancircus.ca with Promo Code Punjabi


afc
ORDER ONLINE TODAY !!!
WWW.ASIANFOODCENTRE.COM
FREE PICK UP!!!
HOME DELIVERY ALSO AVAILABLE !!!
ASIAN FOOD CENTRE
VEGETARIAN FOOD
HEALTHY EATING
FRESH & LARGE VARIETY
BREAD, DAIRY & EGGS
BRANDED FOODS
FRUITS & VEGETABLES
BEVERAGES &
CONFECTIONERY
GROCERY & STAPLES
SWEET & SAMOSAS
SERVING FROM ALL LOCATIONS IN GTA AREA:
10 Westmore Drive
Etobicoke ON M9V-3Z7
416-740-3262
21 Lacoste Blvd,
Brampton, ON L6P 2K2
905 794-8109
621 Wanless drive, # 122
Brampton ON L7A 0A9
905-495-3336
1075 Ceremonial Drive
Mississauga ON L5R 2Z4
905-502-1600
80 Pertosa Drive
Brampton ON L5X-5E9
905-460-0009
10510 Torbram Road,
Brampton
905-790-0030
2120 North park Drive
Brampton ON L6S 0C9
905-793-1338
10 Pannahill Dr,
Brampton
905 913-8017